ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

To view our online newspaper visit punjabipost.ca/epaper | Vol 21* Issue 244 | Wednesday, December 21, 2022 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

## ਟੋਰਾਂਟੋ ਦੇ ਵਿਅਕਤੀ ਦਾ ਕਤਲ ਕਰਨ ਦੇ ਮਾਮਲੇ ਵਿੱਚ 8 ਟੀਨੇਜਰ ਲੜਕੀਆਂ ਨੂੰ ਕੀਤਾ ਗਿਆ ਚਾਰਜ




ਟੋਰਾਂਟੋ, 20 ਦਸੰਬਰ (ਪੋਸਟ ਬਿਊਰੋ) : ਸਿਟੀ ਦੇ ਡਾਊਨਟਾਊਨ ਵਿੱਚ 59 ਸਾਲਾ ਵਿਅਕਤੀ ਨੂੰ ਚਾਕੂ ਮਾਰਨ ਦੇ ਮਾਮਲੇ ਵਿੱਚ ਟੋਰਾਂਟੋ ਪੁਲਿਸ ਵੱਲੋਂ 16 ਸਾਲ ਤੇ ਇਸ ਤੋਂ ਵੀ ਘੱਟ ਉਮਰ ਦੀਆਂ ਅੱਠ ਲੜਕੀਆਂ ਨੂੰ ਸੈਕਿੰਡ ਡਿਗਰੀ ਮਰਡਰ ਦੇ ਸਬੰਧ ਵਿੱਚ ਚਾਰਜ ਕੀਤਾ ਗਿਆ ਹੈ।

ਜਾਂਚਕਾਰਾਂ ਵੱਲੋਂ ਇਨ੍ਹਾਂ ਚਾਰਜਿਜ਼ ਦਾ ਐਲਾਨ ਮੰਗਲਵਾਰ ਦੁਪਹਿਰ ਨੂੰ ਟੋਰਾਂਟੋ ਪੁਲਿਸ ਹੈੱਡਕੁਆਰਟਰ ਵਿਖੇ ਰੱਖੀ ਗਈ ਨਿਊਜ਼ ਕਾਨਫਰੰਸ ਵਿੱਚ ਕੀਤਾ ਗਿਆ। ਟੋਰਾਂਟੋ ਪੁਲਿਸ ਦੀ ਹੋਮੀਸਾਈਡ ਸਕੁਐਡ ਡਿਪਾਰਟਮੈਂਟ ਸਾਰਜੈਂਟ ਟੈਰੀ ਬ੍ਰਾਊਨ ਨੇ ਆਖਿਆ ਕਿ ਐਤਵਾਰ ਨੂੰ ਰਾਤੀਂ 12:15 ਵਜੇ ਕਈ ਲੋਕਾਂ ਵੱਲੋਂ ਟੋਰਾਂਟੋ ਪੈਰਾਮੈਡਿਕਸ ਸਰਵਿਸਿਜ਼ ਨੂੰ ਯੌਰਕ ਸਟਰੀਟ, ਯੂਨੀਵਰਸਿਟੀ ਐਵਨਿਊ ਤੇ ਫਰੰਟ ਸਟਰੀਟ ਵੈਸਟ ਦੇ ਵਿਚਕਾਰ ਸੱਦਿਆ ਗਿਆ। ਉਨ੍ਹਾਂ ਦੱਸਿਆ ਕਿ ਪੈਰਾਮੈਡਿਕਸ ਨੇ ਦੱਸਿਆ ਕਿ ਕਿਸੇ ਉੱਤੇ ਇੱਥੇ ਹਮਲਾ ਕੀਤਾ ਗਿਆ ਹੈ।

ਬ੍ਰਾਊਨ ਨੇ ਆਖਿਆ ਕਿ ਚਾਰਜ ਕੀਤੀਆਂ ਗਈਆਂ ਲੜਕੀਆਂ ਵਿੱਚੋਂ ਤਿੰਨ ਦਾ ਪੁਲਿਸ ਨਾਲ ਪਹਿਲਾਂ ਵੀ ਵਾਹ ਪੈ ਚੁੱਕਿਆ ਹੈ ਜਦਕਿ ਬਾਕੀ ਪੰਜਾਂ ਨਾਲ ਪਹਿਲਾਂ ਅਜਿਹਾ ਨਹੀਂ ਹੋਇਆ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿੱਚੋਂ 3 ਕੁੜੀਆਂ 13 ਸਾਲਾਂ ਦੀਆਂ ਹਨ, ਤਿੰਨ 14 ਸਾਲਾਂ ਦੀਆਂ ਹਨ ਤੇ ਦੋ 16 ਸਾਲਾਂ ਦੀਆਂ ਹਨ। ਬ੍ਰਾਊਨ ਨੇ ਦੱਸਿਆ ਕਿ 13 ਤੋਂ 16 ਸਾਲਾਂ ਦੀਆਂ ਇਹ ਲੜਕੀਆਂ ਸੋਸ਼ਲ ਮੀਡੀਆ ਉੱਤੇ ਇੱਕ ਦੂਜੇ ਨੂੰ ਮਿਲੀਆਂ ਤੇ ਫਿਰ ਸ਼ਨਿੱਚਰਵਾਰ ਰਾਤ ਨੂੰ ਇਹ ਸ਼ਹਿਰ ਦੇ ਡਾਊਨਟਾਊਨ ਵਿੱਚ ਇੱਕਠੀਆਂ ਹੋਈਆਂ। ਇੱਥੇ ਉਹ ਦੋ ਲੜਾਈਆਂ ਵਿੱਚ ਵੀ ਸ਼ਾਮਲ ਸਨ।

ਪੈਰਾਮੈਡਿਕਸ ਜ਼ਖ਼ਮੀ ਵਿਅਕਤੀ ਨੂੰ ਹਸਪਤਾਲ ਲੈ ਕੇ ਜਾ ਰਹੇ ਸਨ ਪਰ ਕੁੱਝ ਸਮੇਂ ਬਾਅਦ ਹੀ ਉਸ ਨੇ ਦਮ ਤੋੜ ਦਿੱਤਾ। ਇਸ ਵਿਅਕਤੀ ਦੀ ਪਛਾਣ ਦਾ ਖੁਲਾਸਾ ਅਜੇ ਨਹੀਂ ਕੀਤਾ ਗਿਆ ਹੈ।

ਬ੍ਰਾਊਨ ਨੇ ਦੱਸਿਆ ਕਿ ਇਸ ਵਿਅਕਤੀ ਵੱਲੋਂ ਪਿੱਛੇ ਜਿਹੇ ਹੀ ਟੋਰਾਂਟੋ ਦੇ ਸ਼ੈਲਟਰ ਸਿਸਟਮ ਤੱਕ ਪਹੁੰਚ ਕੀਤੀ ਗਈ ਸੀ ਤੇ ਇਲਾਕੇ ਵਿੱਚ ਉਸ ਦੀ ਮਦਦ ਕਰਨ ਵਾਲਾ ਪਰਿਵਾਰ ਵੀ ਮੌਜੂਦ ਸੀ। ਉਨ੍ਹਾਂ ਦੱਸਿਆ ਕਿ ਲੜਕੀਆਂ ਨੂੰ 52ਵੀਂ ਡਵੀਜ਼ਨ ਦੇ ਅਧਿਕਾਰੀਆਂ ਵੱਲੋਂ ਮੌਕਾ ਏ ਵਾਰਦਾਤ ਦੇ ਕੋਲੋਂ ਹੀ ਗ੍ਰਿਫਤਾਰ ਕੀਤਾ ਗਿਆ ਤੇ ਪੁਲਿਸ ਨੂੰ ਹਥਿਆਰ ਵੀ ਮਿਲ ਗਏ।

## ਜਨਵਰੀ ਵਿੱਚ ਥਰੀ ਐਮੀਗੋਜ਼ ਸਿਖ਼ਰ ਵਾਰਤਾ ਵਿੱਚ ਹਿੱਸਾ ਲੈਣ ਲਈ ਮੈਕਸਿਕੋ ਜਾਣਗੇ ਟਰੂਡੋ



ਓਟਵਾ, 20 ਦਸੰਬਰ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ 10 ਜਨਵਰੀ ਤੋਂ ਨੌਰਥ ਅਮੈਰੀਕਨ ਆਗੂਆਂ ਦੀ ਹੋਣ ਜਾ ਰਹੀ ਸਿਖਰ ਵਾਰਤਾ ਵਿੱਚ ਹਿੱਸਾ ਲੈਣ ਲਈ ਮੈਕਸਿਕੋ ਸਿਟੀ ਦਾ ਦੌਰਾ ਕੀਤਾ ਜਾ ਰਿਹਾ ਹੈ। ਇਹ ਐਲਾਨ ਮੰਗਲਵਾਰ ਨੂੰ ਟਰੂਡੋ ਦੇ ਆਫਿਸ ਵੱਲੋਂ ਕੀਤਾ ਗਿਆ।

ਇਸ ਸਾਲਾਨਾ ਥਰੀ ਐਮਿਗੋਜ਼ ਮੀਟਿੰਗ ਵਿੱਚ ਟਰੂਡੋ ਅਮਰੀਕਾ ਦੇ ਰਾਸ਼ਟਰਪਤੀ ਜੋਅ ਬਾਇਡਨ ਤੇ ਮੈਕਸਿਕੋ ਦੇ ਰਾਸ਼ਟਰਪਤੀ ਆਂਦਰੇਸ ਮੈਨੂਅਲ ਲੋਪੇਜ਼ ਓਬਰਾਡਰ ਨਾਲ ਮੁਲਾਕਾਤ ਕਰਨਗੇ। ਟਰੂਡੋ ਦੇ ਆਫਿਸ ਨੇ ਆਖਿਆ ਕਿ ਇਹ ਮੀਟਿੰਗ ਤਿੰਨਾਂ ਦੇਸ਼ਾਂ ਦੇ ਅਰਥਚਾਰਿਆਂ ਦੇ ਨਿਰਮਾਣ ਉੱਤੇ ਕੇਂਦਰਿਤ ਹੋਵੇਗੀ। ਇਸ ਦੌਰਾਨ ਇਲੈਕਟ੍ਰਿਕ ਵ੍ਹੀਕਲ ਸਪਲਾਈ ਚੇਨ ਦੇ ਸਹਿਯੋਗ ਉੱਤੇ ਵੀ ਖਾਸ ਧਿਆਨ ਦਿੱਤਾ ਜਾਵੇਗਾ।

ਇਸ ਤੋਂ ਪਹਿਲਾਂ ਇਹ ਤਿੱਪਖੀ ਮੀਟਿੰਗ ਨਵੰਬਰ 2021 ਵਿੱਚ ਵਾਸ਼ਿੰਗਟਨ, ਡੀਸੀ ਵਿੱਚ ਹੋਈ ਸੀ। ਇਸ ਦੌਰਾਨ ਅਮਰੀਕਾ ਦੀ ਟਰੇਡ ਰਿਪ੍ਰਜ਼ੈਂਟੇਟਿਵ ਕੈਥਰੀਨ ਤਾਇ ਨੇ ਇੱਕ ਬਿਆਨ ਜਾਰੀ ਕਰਕੇ ਆਖਿਆ ...ਬਾਕੀ ਸਫਾ 2 'ਤੇ

## ਕੈਨੇਡੀਅਨ ਪਾਸਪੋਰਟ ਹੋਲਡਰਜ਼ ਲਈ ਬਹਾਲ ਹੋਈ ਈ-ਵੀਜ਼ਾ ਸੇਵਾ




ਓਟਵਾ, 20 ਦਸੰਬਰ (ਪੋਸਟ ਬਿਊਰੋ) : ਕੈਨੇਡੀਅਨ ਪਾਸਪੋਰਟ ਹੋਲਡਰਜ਼ ਲਈ ਈ-ਵੀਜ਼ਾ ਫੈਸਿਲਿਟੀ 20 ਦਸੰਬਰ, 2022 ਤੋਂ ਇੱਕ ਵਾਰੀ ਫਿਰ ਬਹਾਲ ਕਰ ਦਿੱਤੀ ਗਈ ਹੈ।

ਇਸ ਲਈ ਟੂਰਿਜ਼ਮ, ਬਿਜ਼ਨਸ, ਮੈਡੀਕਲ ਜਾਂ ਕਾਨਫਰੰਸ ਲਈ ਭਾਰਤ ਦਾ ਦੌਰਾ ਕਰਨ ਦੇ ਚਾਹਵਾਨ ਕੈਨੇਡੀਅਨ ਪਾਸਪੋਰਟ ਹੋਲਡਰਜ਼ ਹੁਣ <https://indianvisaonline.gov.in/evisa/tvoa.html> ਉੱਤੇ ਈ-ਵੀਜ਼ਾ ਲਈ ਅਪਲਾਈ ਕਰ ਸਕਣਗੇ ਤੇ ਹਦਾਇਤਾਂ ਦੀ ਪਾਲਣਾ ਕਰਨਗੇ।

ਕੈਨੇਡੀਅਨ ਪਾਸਪੋਰਟ ਹੋਲਡਰਜ਼ ਜੋ ਕਿਸੇ ਵੀ ਮਕਸਦ ਲਈ ਭਾਰਤ ਟਰੈਵਲ ਕਰਨਾ ਚਾਹੁੰਦੇ ਹਨ, ਪਰ ਈ-ਵੀਜ਼ਾ ਲਈ ਕੁਆਲੀਫਾਈ ਨਹੀਂ ਕਰਦੇ, ਉਹ <https://www.blsindiacanada.com/> ਉੱਤੇ ਪੇਪਰ ਵੀਜ਼ਾ ਲਈ ਅਪਲਾਈ ਕਰ ਸਕਦੇ ਹਨ। ਇਹੋ ਪ੍ਰਕਿਰਿਆ ਲੈਸੇਜ ਪਾਸਰ (ਪਾਸ-ਪਰਮਿਟ ਹੋਲਡਰ) ਟਰੈਵਲ ਡੌਕਿਊਮੈਂਟ ਹੋਲਡਰਜ਼ ਲਈ ਵੀ ਅਪਲਾਈ ਹੋਵੇਗੀ।

ਜਿਨ੍ਹਾਂ ਨੇ ਕੈਨੇਡਾ ਵਿੱਚ ਵੱਖ ਵੱਖ ਬੀਐਲਐਸ ਸੈਂਟਰਾਂ ਰਾਹੀਂ ਵੀਜ਼ਾ ਲਈ ਅਪਲਾਈ ਕੀਤਾ ...ਬਾਕੀ ਸਫਾ 2 'ਤੇ

## 16 ਐਫ-35 ਲੜਾਕੂ ਜਹਾਜ਼ ਖਰੀਦਣ ਲਈ ਡਿਪਾਰਟਮੈਂਟ ਆਫ ਨੈਸ਼ਨਲ ਡਿਫੈਂਸ ਨੂੰ ਮਿਲੀ ਮਨਜ਼ੂਰੀ!



ਓਟਵਾ, 20 ਦਸੰਬਰ (ਪੋਸਟ ਬਿਊਰੋ) : ਡਿਪਾਰਟਮੈਂਟ ਆਫ ਨੈਸ਼ਨਲ ਡਿਫੈਂਸ ਨੂੰ 16 ਐਫ-35 ਲੜਾਕੂ ਜਹਾਜ਼ ਤੇ ਸਬੰਧਤ ਸਾਜ਼ੋ ਸਮਾਨ ਖਰੀਦਣ ਲਈ 7 ਬਿਲੀਅਨ ਡਾਲਰ ਖਰਚ ਕਰਨ ਵਾਸਤੇ ਮਨਜ਼ੂਰੀ ਮਿਲ ਗਈ ਹੈ।

ਅਜੇ ਇਸ ਮਾਮਲੇ ਨੂੰ ਜਨਤਕ ਨਹੀਂ ਕੀਤਾ ਗਿਆ ਹੈ ਇਸ ਲਈ ਆਪਣਾ ਨਾਂ ਗੁਪਤ ਰੱਖਣ ਦੀ ਸ਼ਰਤ ਉੱਤੇ ਦੋ ਡਿਫੈਂਸ ਸੂਤਰਾਂ ਨੇ ਦੱਸਿਆ ਕਿ ਇਸ ਸਬੰਧ ਵਿੱਚ ਇਸ ਮਹੀਨੇ ਦੇ ਸ਼ੁਰੂ ਵਿੱਚ ਟਰੇਜ਼ਰੀ ਬੋਰਡ ਨੂੰ ਫੰਡ ਲਈ ਬੇਨਤੀ ਕੀਤੀ ਗਈ ਸੀ ਤੇ ਉਸ ਲਈ ਹਰੀ ਝੰਡੀ ਮਿਲ ਗਈ ਹੈ। ਅਮਰੀਕੀ ਸਰਕਾਰ ਤੇ ਲਾਕਹੀਡ ਮਾਰਟਿਨ ਨਾਲ ਕਈ ਮਹੀਨਿਆਂ ਤੱਕ ਇਸ ਸਬੰਧ ਵਿੱਚ ਚੱਲੀ ਗੱਲਬਾਤ ਤੋਂ ਬਾਅਦ ਹੀ ਇਨ੍ਹਾਂ ਫੰਡਾਂ ਨੂੰ ਮਨਜ਼ੂਰੀ ਦਿੱਤੀ ਗਈ। ਇਸ ਤੋਂ ਪਹਿਲਾਂ ਇਸ ਸਾਲ ਦੇ ਸ਼ੁਰੂ ਵਿੱਚ ਸਵੀਡਨ ਦੀ ਸਾਬ ਗ੍ਰਿਪਨ ਕੰਪਨੀ ਮੁਕਾਬਲੇ ਤੋਂ ਬਾਹਰ ਹੋ ਗਈ ਸੀ।

ਹਾਲਾਂਕਿ ਫੈਡਰਲ ਸਰਕਾਰ ਇਸ ਤੋਂ ਪਹਿਲਾਂ ਇਹ ਆਖ ਚੁੱਕੀ ਹੈ ਕਿ ਆਪਣੇ ਉਮਰਦਰਾਜ਼ ਹੋ ਚੁੱਕੇ ਸੀਐਫ-18ਜ਼ ਨੂੰ 2026 ਤੇ 2032 ਦਰਮਿਆਨ ਬਦਲਕੇ ਉਹ 88 ਨਵੇਂ ਲੜਾਕੂ ਜਹਾਜ਼ ਖਰੀਦਣਾ ਚਾਹੁੰਦੀ ਹੈ ਪਰ ਸੂਤਰਾਂ ਦਾ ਕਹਿਣਾ ਹੈ ਕਿ ਕੈਨੇਡਾ ਅਗਲੇ ਕੁੱਝ ਸਾਲਾਂ ਵਿੱਚ ਥੋੜ੍ਹੇ ਥੋੜ੍ਹੇ ਅੰਤਰਾਲ ਉੱਤੇ ਐਫ-35 ਜਹਾਜ਼ ਖਰੀਦੇਗਾ। ਇਸ ਸਾਲ ਦੇ ਮੁੱਕਣ ਤੋਂ ਪਹਿਲਾਂ ਕੈਨੇਡਾ ਨੂੰ ਇਹ ਜਹਾਜ਼ ਖਰੀਦਣ ਲਈ ਸ਼ੁਰੂਆਤੀ ਆਰਡਰ ਦੇਣਾ ਹੀ ਪੈਣਾ ਸੀ ਤਾਂ ਕਿ ਇਨ੍ਹਾਂ ਜਹਾਜ਼ਾਂ ਦੀ ਖਰੀਦਦਾਰੀ ਯੋਜਨਾਬੱਧ ਤਰੀਕੇ ਨਾਲ ਟਰੈਕ ਉੱਤੇ ਰੱਖੀ ਜਾ ਸਕੇ।

ਲਿਬਰਲ ਸਰਕਾਰ ਵੱਲੋਂ ਇਸ ਸਬੰਧ ਵਿੱਚ ਐਲਾਨ ਦੋ ਹਫਤੇ ਪਹਿਲਾਂ ਕਰਨ ਦੀ ਸੰਭਾਵਨਾ ਸੀ ਪਰ ਸੂਤਰਾਂ ਮੁਤਾਬਕ ਹੁਣ ਇਹ ਐਲਾਨ ਜਨਵਰੀ ਤੋਂ ਪਹਿਲਾਂ ਹੁੰਦਾ ਨਜ਼ਰ ਨਹੀਂ ਆ ਰਿਹਾ।

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axcel InsuranceBrokers Ltd.
1332 Khalsa Dr, Unit # 11, Mississauga, ON L5S 0A2

INSURANCE
Home
Business
Life Insurance
Auto
Trucking
Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

HOME APPLIANCES STORE
ANNIVERSARY SPECIAL DEAL
UPGRADE LAUNDRY IN JUST $99*
PRICE $5199* NO TAX
KitchenAid moffat MAYTAG LG SAMSUNG Electrolux JENNAIR BOSCH Whirlpool
Unit #1, 241 Clarence, St Brampton, On L6W 3E7, (416) 551 3343 | 44 Fasken Dr. # 2-9 Etobicoke, On M9W 5M8, (416) 792-0877 | Unit #6 410 Lewis Road, Stoney Creek, On L8E 5Y7, (905) 643-0818 | Unit #4 - 1540 Fanshawe Park Road West | 5781 Highway 7 Unit 10, Vaughan, ON L4L 1T8, (416)-477-5556
416-551-5553
WWW.OURRHOMEAPPLIANCES.COM

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
Residential, Commercial
www.ksgpestcontrol.ca
ksgpestcontrol@gmail.com
KSG Pest Control Inc.
Amarjeet Singh Gill
Certified & Licensed Exterminator

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available
1888 864 3131
Jasbir Singh Hundal
Qualified Credit Counsellor
ਕਰਜ਼ੇ ਦੀ ਸਿਰਦਰਦੀ ?
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

KELLEY LAW OFFICE
Immigration
Family Law
Corporate
Real Estate
Business Closing
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs
Wasps
Cockroaches
Carpenter Ants
Silver Fish
Racoons
Call : PARESH PATEL
416 938 4598

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
Real Estate Law
Wills & Estates
Power of Attorney
Affidavits Notarization / Declaration
Business Law
Family Law
Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਜਨਵਰੀ ਵਿੱਚ ਥਰੀ ਐਮੀਗੋਜ਼ ਸਿਖ਼ਰ ਵਾਰਤਾ ਵਿੱਚ ਹਿੱਸਾ ਲੈਣ ਲਈ ਮੈਕਸਿਕੋ ਜਾਣਗੇ ਟਰੂਡੋ



ਸਫਾ 1 ਦਾ ਬਾਕੀ

ਕਿ ਕੈਨੇਡਾ ਨੇ ਨਵੀਆਂ ਡੇਅਰੀ ਪਾਲਿਸੀਜ਼ ਲਾਗੂ ਕੀਤੀਆਂ ਹਨ ਜਿਹੜੀਆਂ ਕੈਨੇਡਾ-ਅਮਰੀਕਾ-ਮੈਕਸਿਕੋ ਦੇ ਮੁਕਤ ਵਪਾਰ ਸਮਝੌਤੇ ਦੇ ਮੁਤਾਬਕ ਢੁਕਵੀਆਂ ਨਹੀਂ ਹਨ। ਪਰ ਮੰਗਲਵਾਰ ਨੂੰ ਹੀ ਕੈਨੇਡੀਅਨ ਟਰੇਡ ਮੰਤਰੀ ਮੈਰੀ ਐਨਜੀ ਨੇ ਬਿਆਨ ਜਾਰੀ ਕਰਕੇ ਆਖਿਆ ਕਿ ਵਿਵਾਦਾਂ ਨੂੰ ਹੱਲ ਕਰਨ ਵਾਲੇ ਪੈਨਲ ਵੱਲੋਂ ਵਾਰੀ ਵਾਰੀ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਹੈ ਕਿ ਕੈਨੇਡਾ ਦਾ ਸਪਲਾਈ ਮੈਨੇਜਮੈਂਟ ਸਿਸਟਮ ਬਿਲਕੁਲ ਲੀਹ ਉੱਤੇ ਹੈ ਤੇ ਕੈਨੇਡਾ ਵੱਲੋਂ ਟਰੇਡ ਸਬੰਧੀ ਸਾਰੀਆਂ ਸ਼ਰਤਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਇਹ ਵੀ ਆਖਿਆ ਗਿਆ ਕਿ ਡੀਲ ਵਿੱਚ ਜਿਨ੍ਹਾਂ ਸ਼ਰਤਾਂ ਉੱਤੇ ਗੱਲ ਹੋਈ ਸੀ ਉਹ ਵੀ ਬਰਕਰਾਰ ਹਨ।

## ਨੌਰਥ ਯੌਰਕ ਦੇ ਸਬਵੇਅ ਸਟੇਸ਼ਨ ਨੇੜੇ ਜਿਨਸੀ ਹਮਲੇ ਕਰਨ ਵਾਲੇ ਵਿਅਕਤੀ ਦੀ ਭਾਲ ਕਰ ਰਹੀ ਹੈ ਪੁਲਿਸ

ਟੋਰਾਂਟੋ, 20 ਦਸੰਬਰ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਅਜਿਹੇ ਵਿਅਕਤੀ ਦੀ ਭਾਲ ਕਰ ਰਹੀ ਹੈ ਜਿਸ ਵੱਲੋਂ ਨੌਰਥ ਯੌਰਕ ਵਿੱਚ ਕਈ ਮਹਿਲਾਵਾਂ ਉੱਤੇ ਜਿਨਸੀ ਹਮਲੇ ਕੀਤੇ।

ਸੋਮਵਾਰ ਨੂੰ ਜਾਂਚਕਾਰਾਂ ਨੂੰ ਯੰਗ ਸਟਰੀਟ ਤੇ ਫਿੰਚ ਐਵਨਿਊ ਈਸਟ ਇਲਾਕੇ ਵਿੱਚ ਫਿੰਚ ਸਟੇਸ਼ਨ ਨੇੜੇ ਦੁਪਹਿਰੇ 12:30 ਵਜੇ ਸੱਦਿਆ ਗਿਆ। ਪੁਲਿਸ ਨੂੰ ਇਹ ਖਬਰ ਦਿੱਤੀ ਗਈ ਕਿ ਵੀਵਾ ਬੱਸ ਉੱਤੇ ਇੱਕ ਮਹਿਲਾ ਉੱਤੇ ਇੱਕ ਵਿਅਕਤੀ ਵੱਲੋਂ ਜਿਨਸੀ ਹਮਲਾ ਕੀਤਾ ਗਿਆ ਹੈ। ਪੁਲਿਸ ਨੇ ਦੱਸਿਆ ਕਿ ਇਸ ਵਿਅਕਤੀ ਵੱਲੋਂ ਉਸੇ ਬੱਸ ਵਿੱਚ ਸਵਾਰ ਇੱਕ ਹੋਰ ਵਿਅਕਤੀ ਤੇ ਮਹਿਲਾ ਉੱਤੇ ਵੀ ਹਮਲਾ ਕੀਤਾ ਗਿਆ ਤੇ ਫਿਰ ਉਹ ਉੱਥੋਂ ਫਰਾਰ ਹੋ ਗਿਆ।

ਥੋੜ੍ਹੇ ਸਮੇਂ ਬਾਅਦ ਸ਼ਾਮੀਂ 5:30 ਵਜੇ ਇਸੇ ਵਿਅਕਤੀ ਵੱਲੋਂ ਨੌਰਥ ਯੌਰਕ ਵਿੱਚ ਇੱਕ ਵੱਖਰੀ ਵੀਵਾ ਬੱਸ ਉੱਤੇ ਇੱਕ ਹੋਰ ਮਹਿਲਾ ਉੱਤੇ ਹਮਲਾ ਕੀਤਾ ਗਿਆ। ਪੁਲਿਸ ਨੇ ਦੱਸਿਆ ਕਿ 32



ਸਾਲਾ ਐਡਵਰਡ ਡਗਲਸ ਦੀ ਜਿਨਸੀ ਹਮਲਾ ਕਰਨ, ਹਮਲੇ ਦੇ ਤਿੰਨ ਹੋਰ ਮਾਮਲਿਆਂ ਤੇ ਹਥਿਆਰ ਨਾਲ ਦੋ ਹੋਰ ਹਮਲੇ ਕਰਨ ਦੇ ਮਾਮਲੇ ਵਿੱਚ ਭਾਲ ਕੀਤੀ ਜਾ ਰਹੀ ਹੈ।

ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਡਗਲਸ ਦਾ ਕੱਦ ਛੇ ਫੁੱਟ, ਵਜ਼ਨ 160 ਪਾਊਂਡ, ਵਾਲਾਂ ਦਾ ਰੰਗ ਕਾਲਾ, ਭੂਰੀਆਂ ਅੱਖਾਂ ਹਨ ਤੇ ਉਸ ਨੇ ਬੱਕਰ ਦਾੜ੍ਹੀ ਦੇ ਨਾਲ ਨਾਲ ਮੁੱਛਾਂ ਵੀ ਰੱਖੀਆਂ ਹੋਈਆਂ ਹਨ। ਉਸ ਨੂੰ ਆਖਰੀ ਵਾਰੀ ਲੰਮੀਆਂ ਬਾਹਾਂ ਵਾਲੀ ਸ਼ਰਟ ਪਾਇਆਂ ਤੇ ਉਸ ਦੇ ਥੱਲਿਓਂ ਲਾਲ ਰੰਗ ਦੀ ਬੇਸ ਸ਼ਰਟ, ਭੂਰੇ ਰੰਗ ਦੀ ਪੈਂਟ ਤੇ ਚਿੱਟੇ ਜੁੱਤੇ ਪਾਇਆਂ ਵੇਖਿਆ ਗਿਆ।

## ਸੱਕਕਿੱਡਜ਼ ਹਸਪਤਾਲ ਦੀ ਸਕਿਊਰਿਟੀ ਨੂੰ ਲੱਗੀ ਸੰਨ੍ਹ, ਨੈੱਟਵਰਕ ਹੋਇਆ ਪ੍ਰਭਾਵਿਤ

ਟੋਰਾਂਟੋ, 20 ਦਸੰਬਰ (ਪੋਸਟ ਬਿਊਰੋ) : ਟੋਰਾਂਟੋ ਸਿੱਕਕਿੱਡਜ਼ ਹਸਪਤਾਲ ਨੂੰ ਸਾਈਬਰਸਕਿਊਰਿਟੀ ਨਾਲ ਸਬੰਧਤ ਘਟਨਾ ਨਾਲ ਸਿੱਝਣਾ ਪੈ ਰਿਹਾ ਹੈ, ਜਿਸ ਕਾਰਨ ਉਸ ਦੇ ਕਈ ਨੈੱਟਵਰਕ ਸਿਸਟਮਜ਼ ਵੀ ਗੜਬੜਾ ਗਏ ਹਨ। ਪਰ ਹਸਪਤਾਲ ਦਾ ਕਹਿਣਾ ਹੈ ਕਿ ਇਸ ਸੱਭ ਦੇ ਬਾਵਜੂਦ ਮਰੀਜ਼ਾਂ ਦਾ ਇਲਾਜ ਜਾਰੀ ਰਹੇਗਾ।

ਹਸਪਤਾਲ ਦੇ ਬੁਲਾਰੇ ਨੇ ਆਖਿਆ ਕਿ ਉਨ੍ਹਾਂ ਦੇ ਸਿਸਟਮ ਫੇਲ੍ਹ ਹੋਣ ਨੂੰ ਕੋਡ ਗ੍ਰੇਅ ਦਾ ਨਾਂ ਦਿੱਤਾ ਗਿਆ ਹੈ। ਇਹ ਸੱਭ ਐਤਵਾਰ ਨੂੰ ਰਾਤੀਂ 9:30 ਵਜੇ ਸ਼ੁਰੂ ਹੋਇਆ। ਸਿੱਕਕਿੱਡਜ਼ ਦਾ ਕਹਿਣਾ ਹੈ ਕਿ ਇਸ ਗੱਲ ਦਾ ਕੋਈ ਸਬੂਤ ਨਹੀਂ ਹੈ ਕਿ ਕਿਸੇ ਵੀ ਮਰੀਜ਼ ਦੀ ਨਿਜੀ ਜਾਂ ਸਿਹਤ ਸਬੰਧੀ ਜਾਣਕਾਰੀ ਪ੍ਰਭਾਵਿਤ ਹੋਈ ਹੋਵੇ।

ਬੁਲਾਰੇ ਨੇ ਇਹ ਵੀ ਦੱਸਿਆ ਕਿ



ਇਸ ਗੜਬੜੀ ਕਾਰਨ ਲੋਕਾਂ ਨੂੰ ਹਸਪਤਾਲ ਨੂੰ ਕਾਲ ਕਰਨ ਤੇ ਕੁੱਝ ਖਾਸ ਵੈੱਬਪੇਜਾਂ ਤੱਕ ਪਹੁੰਚ ਕਰਨ ਵਿੱਚ ਦਿੱਕਤ ਆਈ। ਜਿਨ੍ਹਾਂ ਵੈੱਬ ਪੇਜਿਜ਼ ਲਈ ਦਿੱਕਤ ਆਈ ਉਨ੍ਹਾਂ ਵਿੱਚ ਓਬੋਟਖਦਿਸੁਇਅਲਟਹ।ਚਅ ਤੇ ਹਸਪਤਾਲ ਦੇ ਕਰੀਅਰ ਐਪਲੀਕੇਸ਼ਨ ਪੋਰਟਲ ਸ਼ਾਮਲ ਹਨ।

ਇੱਕ ਨਿਊਜ਼ ਰਲੀਜ਼ ਵਿੱਚ ਹਸਪਤਾਲ ਨੇ ਦੱਸਿਆ ਕਿ ਇਸ ਘਟਨਾ ਦਾ ਪਤਾ ਲੱਗਣ ਸਾਰ ਇਸ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

## ਪਲਾਸਟਿਕ ਆਈਟਮਾਂ ਦੇ ਉਤਪਾਦਨਾਂ ਤੇ ਇੰਪੋਰਟ ਉੱਤੇ ਕੈਨੇਡਾ ਵਿੱਚ ਲੱਗੀ ਪਾਬੰਦੀ

ਓਟਵਾ, 20 ਦਸੰਬਰ (ਪੋਸਟ ਬਿਊਰੋ) : ਪਲਾਸਟਿਕ ਆਈਟਮਾਂ, ਜਿਵੇਂ ਕਿ ਗਰੌਸਰੀ ਬੈਗਜ਼ ਤੇ ਸਟ੍ਰਾਅਜ਼ ਆਦਿ ਤਿਆਰ ਕਰਨ ਜਾਂ ਵੇਚਣ ਦੇ ਇਰਾਦੇ ਨਾਲ ਇੰਪੋਰਟ ਕਰਨ ਉੱਤੇ ਕੈਨੇਡਾ ਵਿੱਚ ਪਾਬੰਦੀ ਲਾ ਦਿੱਤੀ ਗਈ ਹੈ।

ਅੱਜ ਤੋਂ ਕੰਪਨੀਆਂ ਨਾ ਤਾਂ ਪਲਾਸਟਿਕ ਦੀਆਂ ਚੀਜ਼ਾਂ ਕੈਨੇਡਾ ਵਿੱਚ ਤਿਆਰ ਕਰ ਸਕਣਗੀਆਂ ਤੇ ਨਾ ਹੀ ਪਲਾਸਟਿਕ ਦੇ ਚੈੱਕਆਊਟ ਬੈਗਜ਼, ਕਟਲਰੀ, ਸਟਰ ਸਟਿੱਕਜ਼, ਸਟ੍ਰਾਅਜ਼ ਤੇ ਟੇਕਆਊਟ ਕੰਟੇਨਰਜ਼ ਕਿਤੋਂ ਬਾਹਰੋਂ ਮੰਗਵਾ ਸਕਣਗੀਆਂ। ਇਸ ਤੋਂ ਇਲਾਵਾ ਇੱਕ ਸਾਲ ਦੇ ਅੰਦਰ ਅੰਦਰ ਇਨ੍ਹਾਂ ਚੀਜ਼ਾਂ ਦਾ ਕੈਨੇਡਾ ਵਿੱਚ ਵੇਚਿਆ ਜਾਣਾ ਗੈਰਕਾਨੂੰਨੀ ਹੋਵੇਗਾ।

ਅਗਲੇ ਜੂਨ ਤੋਂ ਕੈਨੇਡਾ ਵਿੱਚ ਡਰਿੰਕਸ ਦੇ ਛੇ ਪੈਕਸ ਨੂੰ ਪੈਕ ਕਰਨ ਲਈ ਵਰਤੇ ਜਾਣ ਵਾਲੇ ਪਲਾਸਟਿਕ ਦੇ ਰਿੰਗਜ਼ ਦੇ ਉਤਪਾਦਨ ਤੇ ਇੰਪੋਰਟ ਉੱਤੇ ਵੀ ਪਾਬੰਦੀ ਲਗਾ ਦਿੱਤੀ ਜਾਵੇਗੀ ਤੇ ਉਸ ਤੋਂ ਇੱਕ ਸਾਲ ਬਾਅਦ ਉਨ੍ਹਾਂ ਦੀ ਵਿੱਕਰੀ ਉੱਤੇ ਪੱਕੀ ਮਨਾਹੀ ਹੋ ਜਾਵੇਗੀ। ਫੈਡਰਲ ਸਰਕਾਰ ਦੇ ਅੰਦਾਜ਼ੇ ਮੁਤਾਬਕ ਇਕਹਿਰੀ ਵਰਤੋਂ ਵਾਲੀ ਪਲਾਸਿਟਕ ਤੋਂ ਛੁਟਕਾਰਾ ਪਾਉਣ ਨਾਲ 1·3 ਮਿਲੀਅਨ ਟੰਨ ਦੇ ਪਲਾਸਟਿਕ ਦੇ ਕਬਾੜ, ਜਿਸ ਨੂੰ ਰੀਸਾਈਕਲ ਕਰਨਾ ਮੁਸ਼ਕਲ ਹੈ, ਤੋਂ ਨਿਜਾਤ ਮਿਲੇਗੀ ਤੇ ਪ੍ਰਦੂਸ਼ਣ ਫੈਲਾਉਣ ਲਈ ਜ਼ਿੰਮੇਵਾਰ ਮਿਲੀਅਨ ਗਾਰਬੇਜ ਬੈਗਜ਼ ਤੋਂ ਖਹਿੜਾ ਛੁਟੇਗਾ।

ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ 2019 ਵਿੱਚ ਇਹ ਵਾਅਦਾ ਕੀਤਾ ਸੀ ਕਿ ਪਲਾਸਟਿਕ ਦੀਆਂ ਵਸਤਾਂ ਉੱਤੇ 2021 ਤੱਕ ਪਾਬੰਦੀ ਲਗਾ ਦਿੱਤੀ ਜਾਵੇਗੀ। ਪਰ ਇਸ ਵਾਅਦੇ ਨੂੰ ਵਫਾ ਕਰਨ ਲਈ ਫਰੇਮਵਰਕ ਤਿਆਰ ਕਰਨ ਵਾਸਤੇ ਫੈਡਰਲ ਸਰਕਾਰ ਨੂੰ ਇੱਕ ਸਾਲ ਦਾ ਸਮਾਂ ਹੋਰ ਲੱਗ ਗਿਆ। ਪਿਛਲੇ ਮਹੀਨੇ ਪ੍ਰਕਾਸ਼ਿਤ ਹੋਏ ਅੰਕੜਿਆਂ ਤੋਂ ਸਾਹਮਣੇ ਆਇਆ ਕਿ ਕੌਮੀ ਪੱਧਰ ਉੱਤੇ ਪਲਾਸਟਿਕ ਦੀਆਂ ਵਸਤਾਂ ਉੱਤੇ ਬੈਨ ਲੱਗਣ ਤੋਂ ਪਹਿਲਾਂ ਹੀ ਕੈਨੇਡੀਅਨਜ਼ ਵੱਲੋਂ ਸਟ੍ਰਾਅਜ਼ ਤੇ ਪਲਾਸਟਿਕ ਬੈਗਜ਼ ਵਰਗੀਆਂ ਵਸਤਾਂ ਦੀ ਵਰਤੋਂ ਘਟਾ ਦਿੱਤੀ ਗਈ ਹੈ।

## ਕੈਨੇਡੀਅਨ ਪਾਸਪੋਰਟ ਹੋਲਡਰਜ਼ ਲਈ ਬਹਾਲ ਹੋਈ ਈ-ਵੀਜ਼ਾ ਸੇਵਾ

ਸਫਾ 1 ਦਾ ਬਾਕੀ

ਹੋਇਆ ਹੈ, ਉਨ੍ਹਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਵੀਜ਼ਾ ਜਾਰੀ ਹੋਣ ਦੀ ਉਡੀਕ ਕਰਨ। ਇਸ ਤਰ੍ਹਾਂ ਦੀਆਂ ਸਾਰੀਆਂ ਅਰਜ਼ੀਆਂ ਨੂੰ ਪਹਿਲ ਦੇ ਆਧਾਰ ਉੱਤੇ ਪ੍ਰੋਸੈੱਸ ਕੀਤਾ ਜਾਵੇਗਾ। ਜਿਹੜੇ ਬਿਨੇਕਾਰ ਆਪਣੀਆਂ ਸਬੰਧਤ ਵੀਜ਼ਾ ਅਰਜ਼ੀਆਂ ਵਾਪਸ ਲੈਣਾ ਚਾਹੁੰਦੇ ਹਨ ਉਹ <https://www.blsindiacanada.com/> ਉੱਤੇ ਵਿਜ਼ਿਟ ਕਰਕੇ ਅਜਿਹਾ ਕਰ ਸਕਦੇ ਹਨ ਤੇ ਇਸ ਲਈ ਐਪਲੀਕੇਸ਼ਨ ਵਿਦਡਰ-ਅਲ ਬਦਲ ਦੀ ਚੋਣ ਕਰ ਸਕਦੇ ਹਨ। ਜਿਨ੍ਹਾਂ ਨੇ ਟੂਰਿਸਟ, ਬਿਜ਼ਨਸ, ਮੈਡੀਕਲ ਜਾਂ ਕਾਨਫਰੰਸ ਵੀਜ਼ਾ ਲਈ ਕੈਨੇਡਾ ਵਿੱਚ ਬੀਐਲਐਸ ਸੈਂਟਰਾਂ ਉੱਤੇ ਅਪਲਾਈ ਕਰਨ ਲਈ ਅਪੁਆਇੰਟਮੈਂਟਸ ਬੁੱਕ ਕੀਤੀਆਂ ਹੋਈਆਂ ਹਨ ਤੇ ਹੁਣ ਉਹ ਇਸ ਦੀ ਥਾਂ ਈਵੀਜ਼ਾ ਲਈ ਅਪਲਾਈ ਕਰਨਾ ਚਾਹੁੰਦੇ ਹਨ ਤਾਂ ਉਨ੍ਹਾਂ ਨੂੰ ਆਪਣੇ ਅਪੁਆਇੰਟਮੈਂਟ ਸਲੌਟਸ ਖਾਲੀ ਕਰਨ ਜਾਂ ਰੱਦ ਕਰਨ ਲਈ ਬੇਨਤੀ ਕੀਤੀ ਜਾਂਦੀ ਹੈ ਤਾਂ ਕਿ ਇਹ ਸਲੌਟ ਵੀਜ਼ਾ/ਕਾਊਂਸਲਰ ਸੇਵਾਵਾਂ ਹਾਸਲ ਕਰਨ ਦੇ ਹੋਰ ਚਾਹਵਾਨਾਂ ਨੂੰ ਉਪਲਬਧ ਕਰਵਾਏ ਜਾ ਸਕਣ।

## ਤਾਪਮਾਨ ਘਟਣ ਨਾਲ ਦਿੱਲੀ ਦੀ ਹਵਾ ਹੋਈ 'ਜ਼ਹਿਰੀਲੀ', ਔਸਤ ਏਕਿਊਆਈ 382 ਪਹੁੰਚਿਆ

ਨਵੀਂ ਦਿੱਲੀ, 20 ਦਸੰਬਰ (ਪੋਸਟ ਬਿਊਰੋ) - ਦਿੱਲੀ ਵਿੱਚ ਹਵਾ ਪ੍ਰਦੂਸ਼ਣ ਨੇ ਇੱਕ ਵਾਰ ਫਿਰ ਲੋਕਾਂ ਨੂੰ ਪਰੇਸਾਨ ਕਰਨਾ ਸੁਰੂ ਕਰ ਦਿੱਤਾ ਹੈ। ਹਰ ਸਾਲ ਸਰਦੀਆਂ ਵਿੱਚ ਪ੍ਰਦੂਸ਼ਣ ਦੀ ਸਮੱਸਿਆ ਗੰਭੀਰ ਹੋ ਜਾਂਦੀ ਹੈ। ਇਸ ਵਾਰ ਵੀ ਪ੍ਰਦੂਸ਼ਣ ਦੀ ਹਾਲਤ ਪਿਛਲੇ ਸਾਲਾਂ ਦੇ ਮੁਕਾ-ਬਲੇ ਕੋਈ ਵੱਖਰੀ ਨਹੀਂ ਹੈ। ਦਿੱਲੀ ਵਿੱਚ ਸਰਦੀ ਵਧਣ ਦੇ ਨਾਲ ਹੀ ਪ੍ਰਦੂਸ਼ਣ ਦੀ ਸਮੱਸਿਆ ਵੀ ਸਤਾਉਣ ਲੱਗੀ ਹੈ। ਤਾਪਮਾਨ 'ਚ ਗਿਰਾਵਟ ਨਾਲ ਦਿੱਲੀ ਦੇ ਕਈ ਇਲਾਕਿਆਂ 'ਚ ਹਵਾ ਪ੍ਰਦੂਸ਼ਣ 'ਗੰਭੀਰ' ਸ਼੍ਰੇਣੀ 'ਚ ਪਹੁੰਚ ਗਿਆ ਹੈ। ਦਿੱਲੀ ਦਾ ਔਸਤ ਏਅਰ ਕੁਆਲਿਟੀ ਇੰਡੈਕਸ 'ਬਹੁਤ ਖਰਾਬ' ਸ਼੍ਰੇਣੀ 'ਤੇ ਪਹੁੰਚ ਗਿਆ ਹੈ। ਐਤਵਾਰ ਨੂੰ ਇਸ ਦੀ ਔਸਤ 382 ਸੀ।

ਪ੍ਰਤੀਕੂਲ ਮੌਸਮ ਕਾਰਨ 21 ਦਸੰਬਰ ਤੱਕ ਹਵਾ ਦੀ ਗੁਣਵੱਤਾ ਬਹੁਤ ਖਰਾਬ ਸ਼੍ਰੇਣੀ ਵਿੱਚ ਰਹਿਣ ਦੀ ਭਵਿੱਖਬਾਣੀ ਕੀਤੀ ਗਈ ਹੈ।





















# ਸਕੂਲ ਬੋਰਡ ਟਰੱਸਟੀ ਸਤਪਾਲ ਸਿੰਘ ਜੌਹਲ ਵਲੋਂ ਲੋਕਾਂ ਦੇ ਮੁੱਦੇ ਉਭਾਰਨਾ ਜਾਰੀ

* ਲੋਕਾਂ ਦੇ ਟੈਕਸ ਡਾਲਰਾਂ ਦਾ ਮੁਫਤ ਮਿਲਦਾ ਆਈਫੋਨ ਲੈਣ ਤੋਂ ਕੀਤੀ ਕੋਰੀ ਨਾਂਹ * ਬੱਚਿਆਂ ਨੂੰ ਕੈਸ਼ ਤੇ ਕਰੈਡਿਟ ਕਾਰਡ ਦੇ ਕੇ ਸਕੂਲ ਨਾ ਭੇਜੋ - ਪ੍ਰਿੰਸੀਪਲ ਦੀ ਅਪੀਲ



ਟੋਰਾਂਟੋ, (ਹਰਜੀਤ ਸਿੰਘ ਬਾਜਵਾ)- ਬਰੈਂਪਟਨ 'ਚ ਵਾਰਡ 9 ਅਤੇ 10 ਦੇ ਪੀਲ ਸਕੂਲ ਬੋਰਡ ਟਰੱਸਟੀ ਸਤਪਾਲ ਸਿੰਘ ਜੌਹਲ ਵਲੋਂ ਬੀਤੇ ਮਹੀਨੇ ਤੋਂ ਆਪਣੇ ਹਲਕੇ ਦੇ ਸਕੂਲਾਂ ਵਿੱਚ ਪ੍ਰਿੰਸੀਪਲਾਂ ਅਤੇ ਅਧਿਆਪਕਾਂ ਨਾਲ ਮੀਟਿੰਗਾਂ ਕਰਕੇ ਲੋਕਾਂ ਦੇ ਚਰਚਿਤ ਮਸਲਿਆਂ ਬਾਰੇ ਵਿਚਾਰ ਵਟਾਂਦਰਾ ਕਰਨਾ ਜਾਰੀ ਰੱਖਿਆ ਹੋਇਆ ਹੈ ਜਿਸ ਨਾਲ ਸਮੱਸਿਆਵਾਂ ਨੂੰ ਹੱਲ ਕਰਨ ਵਿੱਚ ਮਦਦ ਮਿਲ ਰਹੀ ਹੈ। ਸਤਪਾਲ ਸਿੰਘ ਜੌਹਲ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਸਕਿਓਰਟੀ ਕੈਮਰੇ, ਡਰੱਗ, ਸਿਗਰਟਨੋਸ਼ੀ, ਵੇਪਿੰਗ, ਰੇਸਿਜ਼ਮ, ਡਰੱਗ, ਵਰਦੀ, ਟਰੈਫਿਕ ਸਮੇਤ ਹਰ ਤਰ੍ਹਾਂ ਦੀਆਂ ਮੁਸ਼ਕਿਲਾਂ ਦੀਆਂ ਬਾਰੀਕੀਆਂ ਸਮਝ ਕੇ ਸੁਹਿਰਦਤਾ ਨਾਲ਼ ਕੰਮ ਕੀਤਾ ਜਾ ਰਿਹਾ ਹੈ। ਇਸ ਵਾਸਤੇ ਉਨ੍ਹਾਂ ਨੇ ਕਮਿਊਨਿਟੀ ਦੇ ਮਿਲੇ ਸਹਿਯੋਗ ਦਾ ਧੰਨਵਾਦ ਕੀਤਾ। ਇਕ ਖਾਸ ਜਾਣਕਾਰੀ ਦਿੰਦੇ ਹੋਏ ਉਨ੍ਹਾਂ ਆਖਿਆ ਕਿ ਹਰੇਕ ਸਕੂਲ ਟੱਰਸਟੀ ਨੂੰ ਬੋਰਡ ਵਲੋਂ ਇਕ ਨਵਾਂ (ਮਹਿੰਗਾ) ਆਈਫੋਨ ਮੁਫਤ ਦਿੱਤਾ ਜਾਂਦਾ ਹੈ। ਸਤਪਾਲ ਸਿੰਘ ਜੌਹਲ ਨੇ ਕਿਹਾ ਕਿ ਲੋਕਾਂ ਨਾ਼ਲ ਕੀਤੇ ਹੋਏ ਵਾਅਦੇ ਮੁਤ-ਾਬਿਕ ਉਨ੍ਹਾਂ ਨੇ ਆਪਣਾ ਟੈਲੀਫੋਨ ਨੰਬਰ ਬਦਲਣ ਨਹੀਂ ਦਿੱਤਾ ਅਤੇ ਸਰਕਾਰੀ (ਟੈਕਸ ਪੇਅਰ ਦੇ ਡਾਲਰਾਂ ਦਾ)ਫਿਹੋਨਏ ਲੈਣ ਤੋਂ ਕੋਰੀ ਨਾਂਹ ਕਰ ਦਿੱਤੀ ਹੈ। ਟਰੱਸਟੀ ਸ। ਜੌਹਲ ਦਾ ਫੋਨ ਨੰਬਰ 416 895 3784 ਹੀ ਰਹੇਗਾ ਜੋਕਿ ਸਰਕਾਰੀ ਨੰਬਰ ਨਾ਼ਲ ਬਦਲਿਆ ਨਹੀਂ ਜਾਵੇਗਾ। ਉਨ੍ਹਾਂ ਦੇ ਲੋਕਹਿੱਤ ਵਿੱਚ ਲਏ ਗਏ ਇਸ ਫੈਸਲੇ ਦੀ ਸਥਾਨਿਕ ਲੋਕਾਂ ਵਲੋਂ ਭਾਰੀ ਸ਼ਲਾਘਾ ਕੀਤੀ ਜਾ ਰਹੀ ਹੈ। ਇਸੇ ਦੌਰਾਨ ਸ। ਜੌਹਲ ਨੇ ਦੱਸਿਆ ਕਿ ਵਾਰਡ 9 ਵਿੱਚ ਲੁਈਸ ਆਰਬਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਨਾ਼ਲ ਮੀਟਿੰਗ ਕਰਕੇ ਹੋਰਨਾਂ ਦੇ ਮੁਸ਼ਕਿਲਾਂ ਦੇ ਨਾ਼ਲ ਡਰੱਗ ਅਤੇ ਰੇਸਿਜ਼ਮ ਦੇ ਮੁੱਦੇ ਉਭਾਰੇ ਗਏ ਸਨ। ਇਸ ਦੇ ਜਵਾਬ ਵਿੱਚ ਪ੍ਰਿੰਸੀਪਲ ਅਮਿਤ ਮਹਿਰੋਤਰਾ ਨੇ ਕਿਹਾ ਕਿ ਮਾਪੇ ਘਰਾਂ ਤੋਂ ਬੱਚਿਆਂ ਨੂੰ ਕੈਸ਼ ਡਾਲਰ ਅਤੇ ਕਰੈਡਿਟ ਕਾਰਡ ਦੇ ਦਿੰਦੇ ਹਨ ਜਿਨ੍ਹਾਂ ਦੀ ਮਦਦ ਨਾ਼ਲ ਵਿਗੜੇ ਹੋਏ ਬੱਚੇ ਸਕੂਲ ਤੋਂ ਬਾਹਰ ਜਾ ਕੇ ਭੰਗ ਦੀਆਂ ਦੁਕਾਨਾਂ ਤੋਂ ਵੇਪਿੰਗ (ਸਿਗਰਟਾਂ) ਤੇ ਹੋਰ ਨਿਕਸੁਕ ਖਰੀਦਣ ਵਿੱਚ ਕਾਮਯਾਬ ਰਹਿੰਦੇ ਹਨ ਪਰ ਇਸ ਬਾਰੇ ਮਾਪਿਆਂ ਨੂੰ ਕੋਈ ਖਬਰ ਨਹੀਂ ਹੁੰਦੀ ਜਾਂ ਇਹ ਗੱਲ ਘਰ ਤੋਂ ਬਾਹਰ ਨਹੀਂ ਕੱਢੀ ਜਾਂਦੀ। ਟਰੱਸਟੀ ਸਤਪਾਲ ਸਿੰਘ ਜੌਹਲ ਨੇ ਦੱਸਿਆ ਕਿ ਸਕੂਲ ਦੇ ਅੰਦਰ ਅਤੇ ਬਾਹਰ ਸਕਿਓਰਟੀ ਕੈਮਰੇ ਲੱਗੇ ਹੋਏ ਹਨ ਅਤੇ ਵਾਸ਼ਰੂਮਾਂ ਦੇ ਬਾਹਰ ਵੀ ਕੈਮਰੇ ਹਨ। ਇਸ ਦੇ ਨਾ਼ਲ ਹੀ ਪ੍ਰਿੰਸੀਪਲ ਮਹਿਰੋਤਰਾ ਵਲੋਂ ਵਾਸ਼ਰੂਮਾਂ ਦੀ ਅਚਾਨਕ ਚੈਕਿੰਗ ਵੀ ਕੀਤੀ ਜਾਂਦੀ ਹੈ ਅਤੇ ਓਥੋਂ ਬੱਚਿਆਂ ਦੇ ਇੱਕਠ ਨੂੰ ਖਦੇੜ ਕੇ ਉਨ੍ਹਾਂ ਨੂੰ ਕਲਾਸਾਂ ਵਿੱਚ ਭੇਜਿਆ ਜਾਂਦਾ ਹੈ। ਪ੍ਰਿੰਸੀਪਲ ਦਾ ਆਖਣਾ ਹੈ ਕਿ ਸਕੂਲ 'ਚ ਪੜ੍ਹਦੇ ਬੱਚੇ ਨੂੰ ਕੈਸ਼ ਅਤੇ ਕਰੈਡਿਟ ਕਾਰਡ ਦੀ ਜਰੂਰਤ ਨਹੀਂ ਹੁੰਦੀ ਕਿਉਂਕਿ ਉਨ੍ਹਾ ਦੇ ਮਾਪੇ ਆਨਲਾਈਨ ਪੇਮੈਂਟ ਕਰ ਸਕਦੇ ਹਨ। ਇਹ ਵੀ ਸਕੂਲਾਂ ਵਿੱਚ ਪਨਪਦੀਆਂ ਕਈ ਸਮੱਸਿਆਵਾਂ ਦੀ ਸ਼ੁਰੂਆਤ ਅਕਸਰ ਬੱਚਿਆਂ ਦੇ ਘਰਾਂ (ਮਾਪਿਆਂ) ਤੋਂ ਹੁੰਦੀ ਹੈ ਜਿਸ ਬਾਰੇ ਕਮਿਊਨਿਟੀ ਨੂੰ ਚੌਕਸ ਹੋਣ ਅਤੇ ਚੌਕਸ ਰਹਿਣ ਦੀ ਲੋੜ ਹੈ।

# 10 ਮੀਟਰ ਰਾਈਫਲ ਨੈਸ਼ਨਲ ਤੇ ਇੰਟਰਨੈਸ਼ਨਲ ਮੁਕਾਬਲਿਆਂ ਦੇ ਗੋਲਡ-ਮੈਡਲਿਸਟ ਰਾਜਪ੍ਰੀਤ ਨੂੰ ਬਰੈਂਪਟਨ ਸਿਟੀ ਕੌਂਸਲ ਵੱਲੋਂ ਕੀਤਾ ਗਿਆ ਸਨਮਾਨਿਤ



ਬਰੈਂਪਟਨ, (ਡਾ. ਝੰਡ) -ਪੰਜਾਬੀ ਕਮਿਊਨਿਟੀ ਲਈ ਬੜੇ ਮਾਣ ਵਾਲੀ ਗੱਲ ਹੈ ਕਿ ਉਸ ਦੇ ਹੋਣਹਾਰ 10 ਮੀਟਰ ਰਾਈਫ਼ਲ 'ਨਿਸ਼ਾਨੇਬਾਜ਼' ਰਾਜਪ੍ਰੀਤ ਸਿੰਘ ਜਿਸ ਨੇ ਕੁੱਝ ਮਹੀਨੇ ਪਹਿਲਾਂ ਇਸ ਗੇਮ ਦੇ ਹੋਏ 'ਵੱਰਲਡ ਕੱਪ 2021 (ਜੂਨੀਅਰਜ਼)', ਕੈਨੇਡਾ ਦੇ ਨੈਸ਼ਨਲ ਅਤੇ ਇੰਟਰਨੈਸ਼ਨਲ ਮੁਕਾਬਲਿਆਂ ਵਿੱਚ ਨਿੱਜੀ ਤੌਰ 'ਤੇ ਅਤੇ ਟੀਮ ਵਜੋਂ ਜੇਤੂ ਰਹਿ ਕੇ ਕਈ ਗੋਲਡ ਮੈਡਲ ਪ੍ਰਾਪਤ ਕੀਤੇ ਹਨ, ਨੂੰ ਲੰਘੇ ਵੀਰਵਾਰ ਬਰੈਂਪਟਨ ਦੇ ਸਿਟੀ ਹਾਲ ਵਿੱਚ ਹੋਏ ਇਕ ਸਮਾਗ਼ਮ ਵਿੱਚ ਬਰੈਂਪਟਨ ਸਿਟੀ ਕੌਂਸਲ ਵੱਲੋਂ ਸਨਮਾਨਿਤ ਕੀਤਾ ਗਿਆ।

ਮੇਅਰ ਪੈਟਰਿਕ ਬਰਾਊਨ ਦੇ ਬਰੈਂਪਟਨ ਤੋਂ ਬਾਹਰ ਗਏ ਹੋਣ ਕਾਰਨ ਰਾਜਪ੍ਰੀਤ ਸਿੰਘ ਨੂੰ ਸਨਮਾਨਿਤ ਕਰਨ ਦੀ ਇਹ ਰਸਮ ਡਿਪਟੀ ਮੇਅਰ ਹਰਕੀਰਤ ਸਿੰਘ ਅਤੇ ਵਾਰਡ ਨੰਬਰ 9-10 ਦੇ ਰੀਜਨਲ ਕੌਂਸਲਰ ਗੁਰਪ੍ਰੀਤ ਸਿੰਘ ਤੂਰ ਵੱਲੋਂ ਮਿਲ ਕੇ ਨਿਭਾਈ ਗਈ। ਰਾਜਪ੍ਰੀਤ ਦੀਆਂ ਕੈਨੇਡਾ ਵਿਚਲੀਆਂ ਇਨ੍ਹਾਂ ਪ੍ਰਾਪਤੀਆਂ ਅਤੇ ਉਸ ਦੇ ਪਿਛਲੇ ਗੇਮ-ਰਿਕਾਰਡ ਤੋਂ ਪ੍ਰਭਾਵਿਤ ਹੋ ਕੇ ਉਸ ਨੂੰ ਬਰੈਂਪਟਨ ਸਿਟੀ ਕੌਂਸਲ ਵੱਲੋਂ ਸਨਮਾਨਿਤ ਕਰਨ ਦਾ ਇਹ ਫ਼ੈਸਲਾ ਲਿਆ ਗਿਆ।

ਇਸ ਮੌਕੇ ਇਕੱਤਰ ਖੇਡ-ਪ੍ਰੇਮੀਆਂ ਨੂੰ ਸੰਬੋਧਨ ਕਰਦਿਆਂ ਡਿਪਟੀ ਮੇਅਰ ਅਤੇ ਰੀਜਨਲ ਕੌਂਸਲਰ ਗੁਰਪ੍ਰੀਤ ਸਿੰਘ ਤੂਰ ਨੇ ਕਿਹਾ ਕਿ ਉਹ ਰਾਜਪ੍ਰੀਤ ਸਿੰਘ ਦੀ ਪੱਕੀ ਇੰਮੀਗ੍ਰੇਸ਼ਨ ਲਈ ਜ਼ੋਰਦਾਰ ਕੋਸ਼ਿਸ਼ ਕਰਨਗੇ ਤਾਂ ਜੋ ਉਹ ਅਗਲੇਰੇ ਸਾਲ 2024 ਵਿੱਚ ਹੋਣ ਵਾਲੀਆਂ ਓਲਿੰਪਿਕ-ਖੇਡਾਂ ਵਿੱਚ ਕੈਨੇਡਾ ਵੱਲੋਂ ਭਾਗ ਲੈ ਸਕੇ। 'ਰਾਈਫ਼ਲ ਫ਼ੈੱਡਰੇਸ਼ਨ ਆਫ਼ ਕੈਨੇਡਾ' ਦਾ ਇਸ ਸਬੰਧੀ ਕਹਿਣਾ ਹੈ ਕਿ ਇਸ ਮੁਕਾ-ਬਲੇ ਲਈ ਰਾਜਪ੍ਰੀਤ ਸਿੰਘ ਹੀ ਕੈਨੇਡਾ ਦਾ ਇੱਕੋ-ਇੱਕ ਜੂਨੀਅਰ ਖਿਡਾਰੀ ਹੈ ਜੋ ਓਲਿੰਪਿਕਸ ਲਈ ਕੁਆਲੀਫ਼ਾਈ ਕਰ ਰਿਹਾ ਹੈ। ਉਹ 2024 ਦੀਆਂ ਓਲਿੰਪਿਕਸ ਵਿੱਚ ਤਾਂ ਹੀ ਭਾਗ ਲੈ ਸਕਦਾ ਹੈ ਜੇਕਰ ਉਸ ਦੀ ਇੰਮੀਗ੍ਰੇਸ਼ਨ ਦੀ ਅੜਿੱਚਣ ਦੂਰ ਹੋ ਜਾਂਦੀ ਹੈ।




ਇਸ ਦੇ ਨਾਲ ਹੀ ਟੋਰਾਂਟੋ 'ਪੀਅਰਸਨ ਏਅਰਪੋਰਟ ਰੱਨਰਜ਼ ਕਲੱਬ' (ਟੀ.ਪੀ.ਏ.ਆਰ. ਕਲੱਬ) ਲਈ ਵੀ ਇਹ ਬੜੇ ਫ਼ਖ਼ਰ ਵਾਲੀ ਗੱਲ ਹੈ ਕਿ ਰਾਜਪ੍ਰੀਤ ਸਿੰਘ ਇਸ ਕਲੱਬ ਦੇ ਸਰਗ਼ਰਮ ਮੈਂਬਰ ਹਰਜੀਤ ਸਿੰਘ ਦਾ ਸਕਾ ਭਤੀਜਾ ਹੈ ਜੋ ਵੱਖ-ਵੱਖ ਟੋਰਾਂਟੋ ਅਤੇ ਇਸ ਦੇ ਆਸ-ਪਾਸ ਦੇ ਸ਼ਹਿਰਾਂ ਵਿੱਚ ਹੋਣ ਵਾਲੇ 'ਮੈਰਾਥਨ' ਅਤੇ 'ਹਾਫ਼-ਮੈਰਾਥਨ' ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਕਲੱਬ ਦਾ ਨਾਂ ਰੌਸ਼ਨ ਕਰਦੇ ਰਹਿੰਦੇ ਹਨ। ਰਾਜਪ੍ਰੀਤ ਸਿੰਘ ਦੇ ਸਨਮਾਨਿਤ ਹੋਣ 'ਤੇ ਕਲੱਬ ਦੇ ਚੇਅਰਪਰਸਨ ਸੰਧੂਰਾ ਸਿੰਘ ਬਰਾੜ ਅਤੇ ਹੋਰ ਮੈਂਬਰਾਂ ਵੱਲੋਂ ਹਰਜੀਤ ਸਿੰਘ ਅਤੇ ਰਾਜਪ੍ਰੀਤ ਸਿੰਘ ਦੋਹਾਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।

# ਤਾਲਿਬਾਨ ਨੇ ਅਫਗਾਨ ਕੁੜੀਆਂ ਲਈ ਯੂਨੀਵਰਸਿਟੀ ਦੀ ਪੜ੍ਹਾਈ 'ਤੇ ਲਗਾਈ ਪਾਬੰਦੀ

ਕਾਬੁਲ, 20 ਦਸੰਬਰ (ਪੋਸਟ ਬਿਊਰੋ)- ਤਾਲਿਬਾਨ ਅਧਿਕਾਰੀਆਂ ਨੇ ਮੰਗਲਵਾਰ ਨੂੰ ਅਫਗਾਨ ਕੁੜੀਆਂ ਲਈ ਯੂਨੀਵਰਸਿਟੀ ਦੀ ਸਿੱਖਿਆ 'ਤੇ ਅਣਮਿੱਥੇ ਸਮੇਂ ਲਈ ਪਾਬੰਦੀ ਲਗਾਉਣ ਦਾ ਹੁਕਮ ਦਿੱਤਾ ਹੈ। ਉੱਚ ਸਿੱਖਿਆ ਮੰਤਰਾਲੇ ਨੇ ਸਾਰੀਆਂ ਸਰਕਾਰੀ ਅਤੇ ਪ੍ਰਾਈਵੇਟ ਯੂਨੀਵਰਸਿਟੀਆਂ ਨੂੰ ਇਸ ਸਬੰਧੀ ਪੱਤਰ ਜਾਰੀ ਕਰ ਦਿੱਤਾ ਹੈ। ਉਚੇਰੀ ਸਿੱਖਿਆ ਮੰਤਰੀ ਨੇਦਾ ਮੁਹੰਮਦ ਨਦੀਮ ਦੇ ਹਸਤਾਖਰਾਂ ਵਾਲੇ ਪੱਤਰ ਵਿੱਚ ਕਿਹਾ ਗਿਆ ਹੈ ਕਿ ਤੁਹਾਨੂੰ ਸਾਰਿਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਔਰਤਾਂ ਦੀ ਸਿੱਖਿਆ ਨੂੰ ਅਗਲੇ ਨੋਟਿਸ ਤੱਕ ਮੁਅੱਤਲ ਕਰਨ ਦੇ ਉਪਰੋਕਤ ਹੁਕਮ ਨੂੰ ਲਾਗੂ ਕੀਤਾ ਜਾਵੇ। ਮੰਤਰਾਲੇ ਦੇ ਬੁਲਾਰੇ ਜ਼ਿਆਉੱਲ੍ਹਾ ਹਾਸ਼ਿਮੀ ਨੇ ਪੱਤਰ ਦੀ



ਕਾਪੀ ਦਾ ਟਵੀਟ ਕਰਕੇ ਹੁਕਮ ਦੀ ਪੁਸ਼ਟੀ ਕੀਤੀ। ਉੱਚ ਸਿੱਖਿਆ 'ਤੇ ਪਾਬੰਦੀ ਲਗਾਉਣ ਵਾਲਾ ਇਹ ਹੁਕਮ ਦੇਸ਼ ਭਰ ਦੀਆਂ ਹਜ਼ਾਰਾਂ ਲੜਕੀਆਂ ਅਤੇ ਔਰਤਾਂ ਦੇ ਯੂਨੀਵਰਸਿਟੀ ਦਾਖਲਾ ਪ੍ਰੀਖਿਆਵਾਂ 'ਚ ਬੈਠਣ ਦੇ ਤਿੰਨ ਮਹੀਨਿਆਂ ਤੋਂ ਵੀ ਘੱਟ ਸਮੇਂ ਬਾਅਦ ਆਇਆ ਹੈ। ਕਈ ਲੜਕੀਆਂ ਨੇ ਪੜ੍ਹਾਈ ਕਰਕੇ ਭਵਿੱਖ ਵਿੱਚ ਇੰਜੀਨੀਅਰ ਅਤੇ ਡਾਕਟਰ ਬਣਨ ਦੀ ਇੱਛਾ ਪ੍ਰਗਟਾਈ ਸੀ।

ਪਿਛਲੇ ਸਾਲ ਅਗਸਤ ਵਿਚ ਕੱਟੜਪੰਥੀ ਇਸਲਾਮੀਆਂ ਦੁਆਰਾ ਦੇਸ਼ 'ਤੇ ਕਬਜ਼ਾ ਕਰਨ ਤੋਂ ਬਾਅਦ, ਯੂਨੀਵਰਸਿਟੀਆਂ ਨੂੰ ਲਿੰਗ ਦੇ ਆਧਾਰ 'ਤੇ ਵੱਖਰੀਆਂ ਕਲਾਸਾਂ ਅਤੇ ਦਾਖਲਿਆਂ ਸਮੇਤ ਨਵੇਂ ਨਿਯਮ ਲਾਗੂ ਕਰਨ ਲਈ ਮਜਬੂਰ ਕੀਤਾ ਗਿਆ ਸੀ, ਜਦੋਂ ਕਿ ਔਰਤਾਂ ਨੂੰ ਸਿਰਫ ਮਹਿਲਾ ਪ੍ਰੋਫੈਸਰਾਂ ਜਾਂ ਬਜ਼ੁਰਗ ਪੁਰਸ਼ਾਂ ਦੁਆਰਾ ਪੜ੍ਹਾਉਣ ਦੀ ਇਜਾਜ਼ਤ ਸੀ। ਦੇਸ਼ ਭਰ ਵਿੱਚ ਜ਼ਿਆਦਾਤਰ ਕਿਸ਼ੋਰ ਲੜਕੀਆਂ ਨੂੰ ਸੈਕੰਡਰੀ ਸਕੂਲ ਸਿੱਖਿਆ ਤੋਂ ਪਹਿਲਾਂ ਹੀ ਰੋਕ ਦਿੱਤਾ ਗਿਆ ਹੈ, ਜੋ ਹੁਣ ਯੂਨੀਵਰਸਿਟੀ ਵਿੱਚ ਦਾਖਲੇ ਨੂੰ ਸੀਮਤ ਕਰਦਾ ਹੈ।

NEED A LAWYER ??
Red Seal NOTARY
KAUR LAW OFFICE



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
Skilled Worker Category
Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।
RSFO Ramgarhia Sikh Foundation of Ontario
Ramgarhia Sikh Foundation of Ontario
10th International Award 2023
Dedicated to the 300th Birth Anniversary of Maharaja Jassa Singh Ramgarhia
300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2




Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

Daljit S. Gaidhu Chairman 416-305-9878
Jasbir S. Sehmbi Vice Chairman 437-774-1410
Manjit S. Bhachu President 416-275-2374
Jarnail S. Matharu Treasurer 416-409-6207
Hardial S. Jheeta General Secretary 647-409-8915

Address: 7956 Torbram Road #40, Bldg-B, Brampton, ON, L6T 5A2, Canada

# ਬਰੁੱਕਫੀਲਡ ਇੰਟਰਨੈਸ਼ਨਲ ਸਕੂਲ ਨੇ ਸਾਲਾਨਾ ਸਮਾਗਮ ਐਸਪ੍ਰੇਂਜ਼ਾ-22 ਦਾ ਆਯੋਜਨ

* ਬੱਚਿਆਂ ਨੇ ਸਟੇਜ ਤੇ ਬਿਹਤਰੀਨ ਪ੍ਰਤਿਭਾਵਾਂ ਦਾ ਪ੍ਰਦਰਸ਼ਨ ਕੀਤਾ



ਮੋਹਾਲੀ, 20 ਦਸੰਬਰ (ਪੋਸਟ ਬਿਊਰੋ)- ਬਰੁੱਕਫੀਲਡ ਇੰਟਰਨੈਸ਼ਨਲ ਸਕੂਲ ਨੇ ਆਪਣਾ ਸਾਲਾਨਾ ਸਮਾਰੋਹ 'ਟਿਕਾਊ ਵਿਕਾਸ' ਥੀਮ ਹੇਠ ਮਨਾਇਆ ਜਿਸ ਵਿਚ ਗੀਤ, ਡਾਂਸ ਅਤੇ ਹੋਰ ਕਈ ਰੋਚਕ ਗਤੀਵਿਧੀਆਂ ਦੇ ਪੇਸ਼ਕਾਰੀ ਬੱਚਿਆਂ ਵੱਲੋਂ ਬਿਹਤਰੀਨ ਤਰੀਕੇ ਨਾਲ ਕੀਤੀ ਗਈ। ਇਸ ਸਾਲਾਨਾ ਸਮਾਗਮ ਦੀ ਸ਼ੁਰੂਆਤ ਬਰੁੱਕਫੀਲਡ ਇੰਟਰਨੈਸ਼ਨਲ ਸਕੂਲ ਦੀ ਸਰਪ੍ਰਸਤ ਨੀਲਮ ਸਿੰਗਲਾ ਅਤੇ ਡਾਇਰੈਕਟਰ ਮਾਨਵ ਸਿੰਗਲਾ ਵੱਲੋਂ ਦੀਪ ਜਗਾ ਕੇ ਕੀਤੀ ਗਈ। ਸਕੂਲ ਦੇ ਪ੍ਰਿੰਸੀਪਲ ਡਾ। ਜੇ ਕੇ ਸਿੰਘ ਨੇ ਸਾਰੇ ਸਤਿਕਾਰਯੋਗ ਮਾਪਿਆਂ ਦਾ ਨਿੱਘਾ ਸੁਆਗਤ ਕਰਦੇ ਹੋਏ ਸਕੂਲ ਦੀ ਸਾਲਾਨਾ ਰਿਪੋਰਟ ਪੇਸ਼ ਕੀਤੀ। ਇਸ ਦੋ ਦਿਨਾਂ ਸਮਾਰੋਹ ਦੀ ਸ਼ੁਰੂਆਤ ਸ਼ਬਦ ਗਾਇਨ ਨਾਲ ਹੋਈ। ਜਿਸ ਦੌਰਾਨ ਸਭ ਵਿਦਿਆਰਥੀਆਂ ਨੇ ਸਰਵ ਸ਼ਕਤੀਮਾਨ ਪ੍ਰਮਾਤਮਾ ਦੀ ਅਪਾਰ ਕ੍ਰਿਪਾ ਲਈ ਧੰਨਵਾਦ ਦਿੰਦੇ ਹੋਏ ਸਰਬਤ ਦੇ ਭਲੇ ਦੀ ਕਾਮਨਾ ਕੀਤੀ। ਇਸ ਸਾਲਾਨਾ ਸਮਾਗਮ ਦਾ ਥੀਮ ਟਿਕਾਊ ਵਿਕਾਸ ਟੀਚਿਆਂ ਰੱਖਿਆਂ ਗਿਆ। ਇਸ ਥੀਮ ਹੇਠ ਵਿਦਿਆਰਥੀਆਂ ਨੇ ਜਲਵਾਯੂ ਅਤੇ ਵਾਤਾਵਰਨ ਦੀ ਸੰਭਾਲ ਲਈ ਹਾਜ਼ਰ ਮਾਪਿਆਂ ਨੂੰ ਜਾਗਰੂਕ ਕੀਤਾ।





ਇਕ ਤੋਂ ਬਾਅਦ ਇਕ ਵੱਖ-ਵੱਖ ਗ੍ਰੇਡਾਂ ਦੇ ਵਿਦਿਆਰਥੀਆਂ ਨੇ ਡਾਂਸਿੰਗ, ਗਾਇਨ, ਇੰਸਟਰੂਮੈਂਟਲ ਸੰਗੀਤ, ਕੋਆਇਰ ਅਤੇ ਵੱਖ-ਵੱਖ ਬਿਹਤਰੀਨ ਪੇਸ਼ਕਾਰੀਆਂ ਨੂੰ ਬਾਖ਼ੂਬੀ ਪੇਸ਼ ਕੀਤਾ।ਜਦ ਕਿ ਭੰਗੜੇ ਦੇ ਵਿਦਿਆਰਥੀਆਂ ਦੀ ਪੇਸ਼ਕਾਰੀ ਨਾਲ ਹਾਜ਼ਰ ਦਰਸ਼ਕ ਝੂਮ ਉੱਠੇ। ਇਸ ਦੇ ਨਾਲ ਹੀ ਸਾਰਾਗੜ੍ਹੀ, ਐਲ।ਈ।ਡੀ।ਐਕਟ, ਪੱਖਾ ਬਣਾਉਣ, ਜੰਗਲ ਜੰਗਲ ਵਰਗੀਆਂ ਪੇਸ਼ਕਾਰੀਆਂ ਨਾਲ ਵਿਦਿਆਰਥੀਆਂ ਨੇ ਦਰਸ਼ਕਾਂ ਦਾ ਖ਼ੂਬ ਮਨੋਰੰਜਨ ਕੀਤਾ ਗਿਆ। ਬਰੁੱਕਫੀਲਡ ਇੰਟਰਨੈਸ਼ਨਲ ਸਕੂਲ ਦੀ ਸਰਪ੍ਰਸਤ ਨੀਲਮ ਸਿੰਗਲਾ ਅਤੇ ਡਾਇਰੈਕਟਰ ਮਾਨਵ ਸਿੰਗਲਾ ਨੇ ਸ਼ਲਾਘਾਯੋਗ ਪ੍ਰਦਰਸ਼ਨ ਕਰਨ ਲਈ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ। ਡਾਇਰੈਕਟਰ ਮਾਨਵ ਸਿੰਗਲਾ ਨੇ ਵਿਦਿਆਰਥੀਆਂ ਨੂੰ ਪੜਾਈ ਦੇ ਨਾਲ ਨਾਲ ਖੇਡਾਂ ਅਤੇ ਸਭਿਆਚਾਰਕ ਗਤੀਵਿਧੀਆਂ ਵਿਚ ਵੀ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# 66ਵੀਆਂ ਪੰਜਾਬ ਰਾਜ ਸਕੂਲ ਖੇਡਾਂ: ਠੀਕਰੀਵਾਲ ਵਿਖੇ ਅੰਡਰ 19 ਸਾਲ ਕਬੱਡੀ ਮੁਕਾਬਲਿਆਂ ਦਾ ਸ਼ਾਨਦਾਰ ਆਗਾਜ਼

* ਪਹਿਲੇ ਦਿਨ ਹੋਏ ਕੁੜੀਆਂ ਦੇ ਮੁਕਾਬਲੇ



ਬਰਨਾਲਾ, 20 ਦਸੰਬਰ (ਪੋਸਟ ਬਿਊਰੋ) : 66ਵੀਆਂ ਪੰਜਾਬ ਰਾਜ ਸਕੂਲ ਖੇਡਾਂ ਕਬੱਡੀ ਅੰਡਰ 19 ਸਾਲ ਲੜਕੀਆਂ ਦੇ ਮੁਕਾਬਲੇ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਠੀਕਰੀਵਾਲ ਵਿਖੇ ਸ਼ਾਨੋ-ਸ਼ੌਕਤ ਨਾਲ ਸ਼ੁਰੂ ਹੋ ਗਏ ਹਨ। ਇਹਨਾਂ ਮੁਕਾਬਲਿਆਂ ਦਾ ਉਦਘਾਟਨ ਹਲਕਾ ਮਹਿਲ ਕਲਾਂ ਦੇ ਵਿਧਾਇਕ ਕੁਲਵੰਤ ਸਿੰਘ ਪੰਡੋਰੀ ਦੇ ਪੀ।ਏ। ਵਿੰਦਰ ਸਿੰਘ ਵੱਲੋਂ ਝੰਡਾ ਲਹਿਰਾ ਕੇ ਕੀਤਾ ਗਿਆ। ਉਹਨਾਂ ਨੇ ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਵਿੱਚ ਖੇਡ ਢਾਂਚਾ ਵਿਕਸਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਜਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਬਰਨਾਲਾ ਸਰਬਜੀਤ ਸਿੰਘ ਤੂਰ ਨੇ ਮੁੱਖ ਮਹਿਮਾਨ ਦਾ ਸਵਾਗਤ ਕਰਦਿਆਂ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕੀਤਾ। ਜਿਲ੍ਹਾ ਸਿੱਖਿਆ ਅਫਸਰ (ਸੈ।ਸਿੱ।) ਰੇਨੂੰ ਬਾਲਾ ਨੇ ਆਏ ਮਹਿਮਾਨਾਂ ਦਾ ਧੰਨਵਾਦ ਕੀਤਾ। ਡੀ।ਐਮ। ਸਪੋਰਟਸ ਸਿਮਰਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਅੱਜ ਹੋਏ ਲੀਗ ਮੈਚਾਂ ਵਿੱਚ ਸ੍ਰੀ ਅੰਮ੍ਰਿਤਸਰ ਸਾਹਿਬ ਨੇ ਮਾਲੇਰਕੋਟਲਾ ਨੂੰ, ਰੂਪਨਗਰ ਨੇ ਜਲੰਧਰ ਨੂੰ, ਬਰਨਾਲਾ ਨੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਨੂੰ, ਫਾਜ਼ਿਲਕਾ ਨੇ ਲੁਧਿਆਣਾ ਨੂੰ, ਸ੍ਰੀ ਫਹਿਤਗੜ੍ਹ ਸਾਹਿਬ ਨੇ ਸ੍ਰੀ ਮੁਕਤਸਰ ਸਾਹਿਬ ਨੂੰ, ਮਾਨਸਾ ਨੇ ਹੁਸ਼ਿਆਰਪੁਰ ਨੂੰ, ਫਰੀਦਕੋਟ ਨੇ ਸੰਗਰੂਰ ਅਤੇ ਤਰਨਤਾਰਨ ਨੇ ਗੁਰਦਾਸਪੁਰ ਨੂੰ ਹਰਾ ਕੇ ਅਗਲੇ ਰਾਊਂਡ ਵਿੱਚ ਪ੍ਰਵੇਸ਼ ਕੀਤਾ।





ਇਸ ਮੌਕੇ ਪ੍ਰਿੰਸੀਪਲ ਸੰਜੇ ਸਿੰਗਲਾ, ਪ੍ਰਿੰਸੀਪਲ ਸਰਬਜੀਤ ਸਿੰਘ, ਪ੍ਰਿੰਸੀਪਲ ਰਾਕੇਸ਼ ਕੁਮਾਰ, ਹੈੱਡ ਮਾਸਟਰ ਪ੍ਰਦੀਪ ਕੁਮਾਰ, ਹੈੱਡ ਮਾਸਟਰ ਜਸਵਿੰਦਰ ਸਿੰਘ, ਪ੍ਰਿੰਸੀਪਲ ਡਾ। ਬਰਜਿੰਦਰਪਾਲ ਸਿੰਘ, ਬੀ।ਐਮ। ਸਪੋਰਟਸ ਪਰਮਜੀਤ ਕੌਰ, ਅੰਤਰ ਰਾਸ਼ਟਰੀ ਕਬੱਡੀ ਖਿਡਾਰੀ ਪੰਮਾ ਠੀਕਰੀਵਾਲ, ਸਰਪੰਚ ਕਿਰਨਜੀਤ ਸਿੰਘ, ਗੁਰ-ਚਰਨ ਸਿੰਘ, ਜਗਰੂਪ ਸਿੰਘ, ਡਾ। ਦਰਸ਼ਨ ਸਿੰਘ, ਟੂਰਨਾਮੈਂਟ ਆਬਜ਼ਰਬਰ ਨਵਦੀਪ ਸਿੰਘ, ਪ੍ਰਦੀਪ ਸਿੰਘ, ਭੁਪਿੰਦਰ ਸਿੰਘ, ਅਮਰੀਕ ਸਿੰਘ, ਜਗਤਾਰ ਸਿੰਘ, ਇੰਦਰਜੀਤ ਸਿੰਘ, ਗੁਰਚਰਨ ਸਿੰਘ ਬੇਦੀ, ਲੈਕ। ਬਲਜਿੰਦਰ ਸਿੰਘ, ਲੈਕ। ਮਨਜੀਤ ਸਿੰਘ ਵੱਖ-ਵੱਖ ਜਿਲ੍ਹਿਆਂ ਦੇ ਸਰੀਰਕ ਸਿੱਖਿਆ ਅਧਿਆਪਕ, ਟੀਮ ਇੰਚਾਰਜ ਅਤੇ ਖਿਡਾਰੀ ਮੌਜੂਦ ਸਨ।

ਪੰਜਾਬੀ ਪੋਸਟ CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡਿਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂMBA ਅਤੇ ਕੈਨੇਡਾ ਤੋਂMarketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ਼
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ

## ਕੇਅਰ ਗਿਵਰ ਦੀ ਲੋੜ



ਬਜੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। **'PR'** ਲਈ ਮੱਦਦ ਕੀਤੀ ਜਾਵੇਗੀ। Location 'Winnipeg, MB' ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:

**204-333-9000, 416-818-3777**

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Natasha Mahal Co-Host
Cell:416-587-5520
Email: iqbalmahal46@gmail.com
Iqbal Mahal Producer & Host
Serving the South Asian Community Since 1976

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

# ਮੁੱਖ ਮੰਤਰੀ ਨੇ ਹੈਦਰਾਬਾਦ ਵਿਖੇ ਵੱਡੇ ਉਦਯੋਗਪਤੀਆਂ ਨੂੰ ਦਿੱਤਾ ਸੱਦਾ: ਸਭ ਤੋਂ ਵਧੀਆ ਸੂਬੇ ਨਾਲ ਮਿਲ ਕੇ ਵਧਾਉ ਆਪਣਾ ਕਾਰੋਬਾਰ

*** ਵੱਡੇ ਕਾਰੋਬਾਰੀਆਂ ਨੂੰ ਪੰਜਾਬ ਵਿੱਚ ਨਿਵੇਸ ਕਰਨ ਲਈ ਪ੍ਰੇਰਿਆ * ਪੰਜਾਬ ਨੂੰ ਅਥਾਹ ਮੌਕਿਆਂ ਦੀ ਧਰਤੀ ਦੱਸਿਆ**



ਹੈਦਰਾਬਾਦ, 20 ਦਸੰਬਰ (ਪੋਸਟ ਬਿਊਰੋ)- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਸੂਬੇ ਵਿੱਚ ਵੱਡੇ ਕਾਰੋਬਾਰੀਆਂ ਨੂੰ ਨਿਵੇਸ ਕਰਨ ਦਾ ਸੱਦਾ ਦਿੰਦਿਆਂ ਉਦਯੋਗ ਜਗਤ ਦੇ ਕਪਤਾਨਾਂ ਨੂੰ ਬਿਹਤਰੀਨ ਸੂਬੇ ਨਾਲ ਅੱਗੇ ਵਧਣ' ਲਈ ਆਖਿਆ। ਉਨ੍ਹਾਂ ਕਿਹਾ ਕਿ ਪੰਜਾਬ ਅਥਾਹ ਮੌਕਿਆਂ ਦੀ ਧਰਤੀ ਹੈ ਅਤੇ ਨਿਵੇਸ ਅਤੇ ਕਾਰੋਬਾਰ ਦੇ ਵਿਸਤਾਰ ਲਈ ਇਹ ਸਭ ਤੋਂ ਅਨੁਕੂਲ ਸੂਬਾ ਹੈ।

ਮੁੱਖ ਮੰਤਰੀ ਨੇ ਆਪਣੀ ਦੌਰੇ ਮੌਕੇ ਹਾਰਟੈਕਸ ਰਬੜ ਦੇ ਐਮ।ਡੀ। ਵਰੁਣ ਸੁਰੇਖਾ, ਅਮਰੀਕਾ ਦੇ ਕੈਂਸਰ ਸੈਂਟਰਾਂ ਦੀ ਸੀ।ਈ।ਓ। ਭਾਰਤ ਸਮਿਤਾ ਰਾਜੂ ਤੇ ਕਾਰਜਕਾਰੀ ਡਾਇਰੈਕਟਰ ਰਾਜੇਸ ਮੰਥੇਨਾ, ਨਰਾਇਣ ਗਰੁੱਪ ਆਫ ਐਜੂਕੇਸਨਲ ਇੰਸਟੀਚਿਊਸਨਜ ਦੇ ਕਾਰਜਕਾਰੀ ਡਾਇਰੈਕਟਰ ਪੁਨੀਤ ਕੋਥੱਪਾ, ਜੀ।ਐਮ।ਆਰ। ਗਰੁੱਪ ਦੇ ਕਾਰਜਕਾਰੀ ਡਾਇਰੈਕਟਰ ਸਾਊਥ ਐਸ।ਜੀ।ਕੇ। ਕਿਸੋਰ, ਅੰਨਪੂਰਨਾ ਸਟੂਡੀਓਜ ਦੀ ਕਾਰਜਕਾਰੀ ਡਾਇਰੈਕਟਰ ਸੁਪ੍ਰੀਆ ਵਾਈ, ਵੈਂਡਰਲਾ ਦੇ ਪ੍ਰੈਜੀਡੈਂਟ ਐਮ। ਸ਼ਿਵਦਾਸ, ਸੀ।ਓ।ਓ। ਬਾਇਓਲਾਜੀਕਲ ਈ। ਲਕਸਮੀਨਾਰਾਇਣ ਨੇਤੀ, ਲਾਰਸ ਲੈਬਜ ਦੇ ਕਾਰਜਕਾਰੀ ਡਾਇਰੈਕਟਰ ਅਤੇ ਸੀ।ਐਫ।ਓ। ਵੀ।ਵੀ। ਰਵੀ ਕੁਮਾਰ, ਡੀ।ਈ।ਐਫ।ਟੀਮ ਦੇ ਸੀ।ਈ।ਓ। ਗੁਰਪ੍ਰੀਤ ਸਿੰਘ ਅਤੇ ਹੋਰਨਾਂ ਨਾਲ ਵਿਸਥਾਰਪੂਰਵਕ ਗੱਲਬਾਤ ਕੀਤੀ।

ਇਸ ਦੌਰਾਨ ਮੁੱਖ ਮੰਤਰੀ ਨੇ ਪੰਜਾਬ ਨੂੰ ਦੇਸ ਵਿੱਚ ਨਿਵੇਸ ਲਈ ਸਭ ਤੋਂ ਪਸੰਦੀਦਾ ਸਥਾਨ ਦੱਸਿਆ ਅਤੇ ਕੰਪਨੀਆਂ ਨੂੰ ਸੂਬੇ ਵਿੱਚ ਨਿਵੇਸ ਕਰਨ ਲਈ ਆਖਦਿਆਂ ਕਿਹਾ ਕਿ ਸੂਬਾ ਸਰਕਾਰ ਉਦਯੋਗਿਕ ਸਮੂਹਾਂ ਨੂੰ ਪੰਜਾਬ ਵਿੱਚ ਆਪਣੇ ਕੰਮਕਾਜ ਸਥਾਪਤ ਕਰਨ ਲਈ ਪੂਰਣ ਸਹਿਯੋਗ ਦੇਣ ਲਈ ਵਚਨਬੱਧ ਹੈ। ਪੰਜਾਬ ਨੂੰ ਕਾਰੋਬਾਰ ਲਈ ਸਭ ਤੋਂ ਬਿਹਤਰੀਨ ਥਾਂ ਦੱਸਦਿਆਂ ਭਗਵੰਤ ਮਾਨ ਨੇ ਕਿਹਾ ਕਿ ਸੂਬੇ ਵਿੱਚ ਨਿਵੇਸ ਕਰਨ ਨਾਲ ਕੰਪਨੀਆਂ ਨੂੰ ਬਹੁਤ ਫਾਇਦਾ ਹੋਵੇਗਾ।

ਮੁੱਖ ਮੰਤਰੀ ਨੇ ਜੋਰ ਨਾਲ ਕਿਹਾ ਕਿ ਸੂਬੇ ਵਿੱਚ ਆਪਸੀ ਭਾਈਚਾਰਕ ਸਾਂਝ, ਸਾਂਤੀ ਅਤੇ ਸਦਭਾਵਨਾ ਹੈ ਜਿਸ ਸਦਕਾ ਸੂਬੇ ਵਿੱਚ ਸਰਬਪੱਖੀ ਵਿਕਾਸ ਅਤੇ ਖੁਸਹਾਲੀ ਹੋਈ ਹੈ। ਭਗਵੰਤ ਮਾਨ ਨੇ ਉਦਯੋਗਪਤੀਆਂ ਨੂੰ ਅਪੀਲ ਕੀਤੀ ਕਿ ਕਾਰੋਬਾਰੀ ਵਧੀਆ ਬੁਨਿਆਦੀ ਢਾਂਚੇ, ਬਿਜਲੀ, ਹੁਨਰਮੰਦ ਮਨੁੱਖੀ ਵਸੀਲਿਆਂ ਅਤੇ ਉੱਤਮ ਉਦਯੋਗਿਕ ਅਤੇ ਕੰਮ ਸੱਭਿਆਚਾਰ ਅਤੇ ਅਨੁਕੂਲ ਮਾਹੌਲ ਦਾ ਵੱਧ ਤੋਂ ਵੱਧ ਲਾਹਾ ਲੈਣ ਅਤੇ ਆਪਣੇ ਕਾਰੋਬਾਰ ਵਧਾਉਣ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀਆਂ ਵਿਹਾਰਕ ਨੀਤੀਆਂ ਸਣੇ ਉਦਯੋਗਿਕ ਸਾਂਤੀ ਅਤੇ ਅਤਿ-ਆਧੁਨਿਕ ਬੁਨਿਆਦੀ ਢਾਂਚਾ ਪੰਜਾਬ ਵਿੱਚ ਉਦਯੋਗਿਕ ਵਿਕਾਸ ਲਈ ਅਨੁਕੂਲ ਮਾਹੌਲ ਪ੍ਰਦਾਨ ਕਰਦਾ ਹੈ।

ਮੁੱਖ ਮੰਤਰੀ ਨੇ ਸਨਅਤਕਾਰਾਂ ਨੂੰ ਦੱਸਿਆ ਕਿ ਇਹ ਸੂਬੇ ਲਈ ਬੜੇ ਮਾਣ ਅਤੇ ਤਸੱਲੀ ਵਾਲੀ ਗੱਲ ਹੈ ਕਿ ਭਾਰਤ ਸਰਕਾਰ ਵੱਲੋਂ ਪੰਜਾਬ ਨੂੰ ਚੋਟੀ ਦੀ ਪ੍ਰਾਪਤੀ ਵਾਲੇ ਕਾਰੋਬਾਰ ਲਈ ਸਭ ਤੋਂ ਆਸਾਨ ਪਹੁੰਚ ਵਾਲੇ ਰਾਜ ਦੀ ਰੈਂਕਿੰਗ ਵਿੱਚ ਰੱਖਿਆ ਗਿਆ ਹੈ। ਇਸੇ ਤਰ੍ਹਾਂ ਇਨਵੈਸਟ ਪੰਜਾਬ ਨੂੰ ਵੀ 100% ਸਕੋਰ ਨਾਲ ਸਭ ਤੋਂ ਵਧੀਆ ਪ੍ਰਦਰਸਨ ਵਾਲੀ ਨਿਵੇਸ ਪ੍ਰਮੋਸਨ ਏਜੰਸੀ ਦਾ ਦਰਜਾ ਦਿੱਤਾ ਗਿਆ ਹੈ। ਸੂਬੇ ਦੀਆਂ ਹੋਰ ਪ੍ਰਾਪਤੀਆਂ ਗਿਣਾਉਂਦੀਆਂ ਭਗਵੰਤ ਮਾਨ ਨੇ ਕਿਹਾ ਕਿ ਭਾਰਤ ਸਰਕਾਰ ਦੇ ਲੌਜਿਸਟਿਕਸ ਇੰਡੈਕਸ ਵਿੱਚ ਵੀ ਪੰਜਾਬ 90% ਤੋਂ ਵੱਧ ਸਕੋਰ ਨਾਲ ਇੱਕ ਅਚੀਵਰ ਸੂਬਾ ਹੈ, ਜੋ ਭਾਰਤ ਵਿੱਚ ਕਾਰਗੋ ਦੀ ਆਵਾਜਾਈ ਦੀ ਸੁਰੱਖਿਆ ਦੇ ਮਾਮਲੇ ਵਿੱਚ ਵੀ ਪਹਿਲੇ ਸਥਾਨ 'ਤੇ ਹੈ।

ਸਨਅਤਕਾਰਾਂ ਨੂੰ ਸੂਬੇ ਵਿੱਚ ਭਰਪੂਰ ਜੀਅ ਆਇਆਂ ਨੂੰ ਆਖਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਪੰਜਾਬ ਵਿੱਚ ਉਦਯੋਗਿਕ ਵਿਕਾਸ ਨੂੰ ਹੁਲਾਰਾ ਦੇਣ ਲਈ ਨਵੇਂ ਵਿਚਾਰਾਂ ਅਤੇ ਖੋਜਾਂ ਲਈ ਹਮੇਸਾ ਤਤਪਰ ਹੈ। ਉਨ੍ਹਾਂ ਆਸ ਜਤਾਈ ਕਿ ਇਸ ਦੌਰੇ ਨਾਲ ਸੂਬੇ ਵਿੱਚ ਉਦਯੋਗੀਕਰਨ ਦੀ ਪ੍ਰਕਿਰਿਆ ਨੂੰ ਵੱਡਾ ਹੁਲਾਰਾ ਮਿਲੇਗਾ ਜਿਸ ਨਾਲ ਨੌਜਵਾਨਾਂ ਲਈ ਰੁਜਗਾਰ ਦੇ ਨਵੇਂ ਮੌਕੇ ਖੁੱਲ੍ਹਣਗੇ। ਉਨ੍ਹਾਂ ਕਿਹਾ ਕਿ ਉਹ ਦਿਨ ਦੂਰ ਨਹੀਂ ਜਦੋਂ ਪੰਜਾਬ ਦੇਸ ਦਾ ਉਦਯੋਗਿਕ ਧੁਰਾ ਬਣ ਕੇ ਉਭਰੇਗਾ।

# ਭਗਵੰਤ ਮਾਨ ਸਰਕਾਰ ਸੂਬਾ ਵਾਸੀਆਂ ਨੂੰ ਬਿਨਾਂ ਕਿਸੇ ਖੱਜਲ ਖੁਆਰੀ ਦੇ ਪ੍ਰਭਾਵਸ਼ਾਲੀ ਤੇ ਜਵਾਬਦੇਹੀ ਪ੍ਰਸ਼ਾਸਨ ਦੇਣ ਲਈ ਵਚਨਬੱਧ: ਮੀਤ ਹੇਅਰ

*** ਪ੍ਰਸ਼ਾਸਨਿਕ ਸੁਧਾਰ ਮੰਤਰੀ ਨੇ ਸਮੂਹ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਤੇ ਫੀਲਡ ਅਫਸਰਾਂ ਨਾਲ ਕੀਤੀ ਵੀਡਿਓ ਕਾਨਫਰੰਸ ਮੀਟਿੰਗ**

ਚੰਡੀਗੜ੍ਹ, 20 ਦਸੰਬਰ (ਪੋਸਟ ਬਿਊਰੋ)- ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਲੋਕਾਂ ਨੂੰ ਬਿਨਾਂ ਕਿਸੇ ਖੱਜਲ ਖੁਆਰੀ ਦੇ ਪ੍ਰਭਾਵਸ਼ਾਲੀ ਤੇ ਜਵਾਬਦੇਹੀ ਪ੍ਰਸ਼ਾਸਨ ਦੇਣ ਲਈ ਵਚਨਬੱਧ ਹੈ। ਇਸੇ ਦਿਸ਼ਾ ਵਿੱਚ ਪ੍ਰਸ਼ਾਸਨਿਕ ਸੁਧਾਰ ਵਿਭਾਗ ਦੀ ਵੀ ਇਹੋ ਕੋਸ਼ਿਸ਼ ਹੈ ਕਿ ਲੋਕਾਂ ਨੂੰ 537 ਸੇਵਾ ਕੇਂਦਰਾਂ ਵਿੱਚ ਮੁਹੱਈਆ ਕਰਵਾਈਆਂ ਜਾਂਦੀਆਂ 430 ਨਾਗਰਿਕ ਸੇਵਾਵਾਂ ਲੋਕਾਂ ਨੂੰ ਸੁਖਾਲੀਆਂ ਦਿੱਤੀਆਂ ਜਾਣ।'ਲੋਕਾਂ ਦੀ ਸਰਕਾਰ, ਲੋਕਾਂ ਦੇ ਦੁਆਰ' ਨਾਅਰੇ ਤਹਿਤ ਕੰਮ ਕੀਤਾ ਜਾਵੇ।

ਇਹ ਗੱਲ ਪ੍ਰਸ਼ਾਸਨਿਕ ਸੁਧਾਰ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ 'ਸੁਚੱਜੇ ਪ੍ਰਸ਼ਾਸਨ ਸਪਤਾਹ' ਤਹਿਤ ਅੱਜ ਕਰਵਾਏ ਗਏ ਸੂਬਾ ਪੱਧਰੀ ਸਮਾਗਮ ਦੌਰਾਨ ਕਹੀ। ਪੰਜਾਬ ਭਵਨ ਚੰਡੀਗੜ੍ਹ ਵਿਖੇ ਵਿਭਾਗ ਦੇ ਅਧਿਕਾਰੀਆਂ ਨੂੰ ਨਾਲ ਲੈ ਕੇ ਸਮੂਹ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਤੇ ਫੀਲਡ ਅਫਸਰਾਂ ਨੂੰ ਵੀਡਿਓ ਕਾਨਫਰੰਸ ਰਾਹੀਂ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਇਹ ਯਕੀਨੀ ਬਣਾਉਣ ਕਿ ਹਫ਼ਤੇ ਵਿੱਚ ਘੱਟੋ-ਘੱਟ ਇਕ ਦਿਨ ਕਿਸੇ ਸੇਵਾ ਕੇਂਦਰ ਦਾ ਦੌਰਾ ਕਰਨ ਜਿਸ ਨਾਲ ਉਹ ਜਿੱਥੇ ਲੋਕਾਂ ਦੀ ਫੀਡਬੈਕ ਹਾਸਲ ਕਰ ਸਕਣਗੇ ਉੱਥੇ ਲੋਕਾਂ ਨੂੰ ਸੇਵਾਵਾਂ ਮੁਹੱਈਆ ਕਰਵਾਉਣ ਵਿੱਚ ਤੇਜ਼ੀ ਆਵੇਗੀ।

ਪ੍ਰਸ਼ਾਸਨਿਕ ਸੁਧਾਰ ਮੰਤਰੀ ਨੇ ਕਿਹਾ ਕਿ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਲੋਕ ਭਲਾਈ ਸਕੀਮਾਂ ਪ੍ਰਚਾਰ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਉਪਰਾਲੇ ਕੀਤੇ ਜਾਣ। ਸੇਵਾ ਕੇਂਦਰ ਵਿੱਚ ਬਿਹਤਰ ਸੇਵਾਵਾਂ ਦੇਣ ਵਾਲੇ ਕਰਮਚਾਰੀਆਂ ਦੇ ਪ੍ਰੋਤਸਾਹਨ ਲਈ ਉਨ੍ਹਾਂ ਦਾ ਸਨਮਾਨ ਕੀਤਾ ਜਾਵੇ। ਇਸੇ ਤਰ੍ਹਾਂ ਇਸ ਸੁਚੱਜੇ ਪ੍ਰਸ਼ਾਸਨ ਸਪਤਾਹ ਦੌਰਾਨ ਖ਼ਾਸ ਕਰਕੇ ਸਰਹੱਦੀ ਜ਼ਿਲ੍ਹਿਆਂ ਅਤੇ ਦੂਰ ਦੁਰਾਡੇ ਦੇ ਖੇਤਰਾਂ ਵਿੱਚ ਰਹਿੰਦੇ ਲੋਕਾਂ ਲਈ ਵਿਸ਼ੇਸ਼ ਕੈਂਪ ਲੱਗਾ ਕੇ ਉਨ੍ਹਾਂ ਨੂੰ ਘਰ ਦੇ ਨੇੜੇ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਉਣ।

ਮੀਤ ਹੇਅਰ ਨੇ ਕਿਹਾ ਕਿ ਕਈ ਸੇਵਾਵਾਂ ਲਈ ਮੰਗੇ ਜਾਂਦੇ ਬੇਲੋੜੇ ਦਸਤਾਵੇਜ਼ ਨੂੰ ਘਟਾਇਆ ਜਾਵੇ।ਇਸ ਲਈ ਲੋਕਾਂ ਤੋਂ ਫੀਡਬੈਕ ਲੈਣ ਲਈ ਪੋਰਟਲ ਬਣਾਇਆ ਜਾ ਰਿਹਾ ਹੈ ਜਿਸ ਰਾਹੀਂ ਲੋਕਾਂ ਤੋਂ ਸੁਝਾਅ ਲਏ ਜਾ ਸਕਦੇ ਹਨ।ਉਨ੍ਹਾਂ ਕਿਹਾ ਕਿ ਉਹ ਨਿਰੰਤਰ ਕੰਮਾਂ ਦਾ ਰੀਵਿਊ ਕਰਦੇ ਰਹਿੰਦੇ ਹਨ ਜਿਸ ਵਿੱਚ ਪੈਂਡਿੰਗ ਕੇਸਾਂ ਦਾ ਜਾਇਜ਼ਾ ਲਿਆ ਜਾਂਦਾ ਹੈ।ਇਸ ਤੋਂ ਇਲਾਵਾ ਕੇਸ ਵਾਪਸ ਭੇਜਣ ਦੇ ਮਾਮਲਿਆਂ ਵਿੱਚ ਹੋਰ ਕਮੀ ਲਿਆਂਦੀ ਜਾਵੇ।

ਇਸ ਤੋਂ ਪਹਿਲਾਂ ਪ੍ਰਮੁੱਖ ਸਕੱਤਰ ਤੇਜਵੀਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਦੇਸ਼ ਭਰ ਵਿੱਚ 19 ਤੋਂ 25 ਦਸੰਬਰ ਤੱਕ 'ਸੁਚੱਜਾ ਪ੍ਰਸ਼ਾਸਨ ਸਪਤਾਹ' ਮਨਾਇਆ ਜਾਂਦਾ ਹੈ ਜਿਸ ਦਾ ਮਨੋਰਥ ਲੋਕਾਂ ਨੂੰ ਬਿਹਤਰ, ਸੁਖਾਲੀਆਂ ਤੇ ਪਾਰਦਰਸ਼ੀ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਵਿਭਾਗ ਦੀਆਂ ਨਵੀਆਂ ਪਹਿਲਕਦਮੀਆਂ ਉੱਤੇ ਚਾਨਣਾ ਪਾਉਂਦਿਆ ਫੀਲਡ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਲੋਕਾਂ ਦੀ ਜ਼ਿੰਦਗੀ ਸੁਖਾਲੀ ਬਣਾਉਣ ਲਈ ਨਵੇਂ ਕਦਮ ਚੁੱਕੇ ਜਾਣ।

ਇਸ ਮੌਕੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਜਲੰਧਰ, ਗੁਰਦਾਸਪੁਰ ਤੇ ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰਾਂ ਨੇ ਬੋਲਦਿਆਂ ਆਪੋ-ਆਪਣੇ ਜ਼ਿਲ੍ਹਿਆਂ ਵਿੱਚ ਉਲੀਕੇ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ।

# ਭਿਆਨਕ ਤੂਫਾਨ ਦੌਰਾਨ ਥਾਈਲੈਂਡ ਨੇਵੀ ਦਾ ਜਹਾਜ਼ ਡੁੱਬਿਆ, 100 ਤੋਂ ਵੱਧ ਨਾਵਿਕ ਫਸੇ



ਬੈਂਕਾਕ, 20 ਦਸੰਬਰ (ਪੋਸਟ ਬਿਊਰੋ)- ਥਾਈਲੈਂਡ ਦੀ ਖਾੜੀ ਵਿੱਚ ਆਏ ਭਿਆਨਕ ਤੂਫ਼ਾਨ ਦੌਰਾਨ ਥਾਈ ਨੇਵੀ ਦਾ ਇੱਕ ਜਹਾਜ਼ ਡੁੱਬ ਗਿਆ, ਜਿਸ ਵਿੱਚ 100 ਤੋਂ ਵੱਧ ਨਾਵਿਕ ਫਸ ਗਏ। ਹਾਲਾਂਕਿ ਇਨ੍ਹਾਂ 'ਚੋਂ ਜ਼ਿਆਦਾਤਰ ਨੂੰ ਸੁਰੱਖਿਅਤ ਬਾਹਰ ਕੱਢ ਲਿਆ ਗਿਆ ਹੈ। ਰਾਇਲ ਥਾਈ ਨੇਵੀ ਦੇ ਅਧਿਕਾਰੀਆਂ ਨੇ ਦੱਸਿਆ ਕਿ ਹਾਦਸੇ ਵਿੱਚ ਕਿਸੇ ਨਾਵਿਕ ਦੀ ਮੌਤ ਨਹੀਂ ਹੋਈ ਹੈ। ਪਰ ਚਾਲਕ ਦਲ ਦੇ 106 ਵਿੱਚੋਂ 28 ਮੈਂਬਰ ਅਜੇ ਵੀ ਪਾਣੀ ਵਿੱਚ ਫਸੇ ਹੋਏ ਹਨ। ਇਨ੍ਹਾਂ ਵਿੱਚੋਂ ਤਿੰਨ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ।

ਜਲ ਸੈਨਾ ਦਾ ਜਹਾਜ਼ ਐਚਟੀਐਮਐਸ ਸੁਖੋਤਾਈ ਪ੍ਰਚੁਅਪ ਖੇੜੀ ਖਾਨ ਸੂਬੇ ਦੇ ਬੈਂਗ ਸਫਾਨ ਜ਼ਿਲ੍ਹੇ ਦੇ ਤੱਟ ਤੋਂ ਸਿਰਫ਼ 32 ਕਿਲੋਮੀਟਰ ਦੂਰ ਪਾਣੀਆਂ ਵਿੱਚ ਗਸ਼ਤ ਕਰ ਰਿਹਾ ਸੀ ਜਦੋਂ ਇਹ ਐਤਵਾਰ ਰਾਤ ਕਰੀਬ 11:30 ਵਜੇ ਤੂਫ਼ਾਨ ਵਿੱਚ ਫਸ ਗਿਆ।

ਰਾਇਲ ਥਾਈ ਨੇਵੀ ਨੇ ਦੱਸਿਆ ਕਿ ਤਿੰਨ ਜਲ ਸੈਨਾ ਦੇ ਜਹਾਜ਼ ਅਤੇ ਹੈਲੀਕਾਪਟਰ ਸਹਾਇਤਾ ਲਈ ਰਵਾਨਾ ਕੀਤੇ ਗਏ ਸਨ, ਪਰ ਸਿਰਫ ਐਚਟੀਐਮਐਸ ਕਰਬੂਰੀ ਹੀ ਜਹਾਜ਼ ਦੇ ਡੁੱਬਣ ਤੋਂ ਪਹਿਲਾਂ ਪਹੁੰਚ ਸਕੇ। ੍ਹਓਂ ਕਰਬੂਰੀ ਨੇ ਸੁਖੋਤਾਈ 'ਤੇ ਸਵਾਰ 106 ਮਲਾਹਾਂ ਵਿੱਚੋਂ 78 ਨੂੰ ਬਚਾਇਆ। ਬਾਕੀ ਚਾਲਕ ਦਲ ਦੇ ਮੈਂਬਰਾਂ ਨੂੰ ਲੱਭਣ ਲਈ ਰਾਤ ਭਰ ਖੋਜ ਜਾਰੀ ਰਹੀ।

# ਨੇਪਾਲ ਨੇ ਪਤੰਜਲੀ ਉਤਪਾਦਾਂ ਨਾਲ ਜੁੜੀਆਂ ਦਿਵਿਆ ਫਾਰਮੇਸੀ ਸਮੇਤ 16 ਭਾਰਤੀ ਫਾਰਮਾਸਿਊਟੀਕਲ ਕੰਪਨੀਆਂ ਨੂੰ ਕੀਤਾ ਬਲੈਕਲਿਸਟ




ਕਾਠਮੰਡੂ, 20 ਦਸੰਬਰ (ਪੋਸਟ ਬਿਊਰੋ)- ਨੇਪਾਲ ਦੀ ਡਰੱਗ ਰੈਗੂਲੇਟਰੀ ਅਥਾਰਟੀ ਨੇ ਯੋਗ ਗੁਰੂ ਰਾਮਦੇਵ ਦੀ ਪਤੰਜਲੀ ਦੀ ਦਿਵਿਆ ਫਾਰਮੇਸੀ ਸਮੇਤ 16 ਭਾਰਤੀ ਦਵਾਈਆਂ ਦੀਆਂ ਕੰਪਨੀਆਂ ਨੂੰ ਇਹ ਕਹਿੰਦੇ ਹੋਏ ਬਲੈਕਲਿਸਟ ਕਰ ਦਿੱਤਾ ਹੈ ਕਿ ਉਹ ਵਿਸ਼ਵ ਸਿਹਤ ਸੰਗਠਨ (੍ਹੈ) ਦੇ ਡਰੱਗ ਨਿਰਮਾਣ ਮਾਪਦੰਡਾਂ ਦੀ ਪਾਲਣਾ ਕਰਨ ਵਿੱਚ ਅਸਫਲ ਰਹੀਆਂ ਹਨ। ਡਰੱਗ ਪ੍ਰਸ਼ਾਸਨ ਵਿਭਾਗ ਨੇ 18 ਦਸੰਬਰ ਨੂੰ ਜਾਰੀ ਇਕ ਨੋਟਿਸ ਵਿਚ ਨੇਪਾਲ ਨੂੰ ਇਨ੍ਹਾਂ ਦਵਾਈਆਂ ਦੀ ਸਪਲਾਈ ਕਰਨ ਵਾਲੇ ਸਥਾਨਕ ਏਜੰਟ ਨੂੰ ਤੁਰੰਤ ਉਤਪਾਦ ਵਾਪਸ ਲੈਣ ਲਈ ਕਿਹਾ ਹੈ। ਵਿਭਾਗ ਦੁਆਰਾ ਜਾਰੀ ਨੋਟਿਸ ਦੇ ਅਨੁਸਾਰ, ਸੂਚੀਬੱਧ ਕੰਪਨੀਆਂ ਦੁਆਰਾ ਨਿਰਮਿਤ ਦਵਾਈਆਂ ਨੂੰ ਨੇਪਾਲ ਵਿੱਚ ਆਯਾਤ ਜਾਂ ਵੰਡਿਆ ਨਹੀਂ ਜਾ ਸਕਦਾ ਹੈ।

ਵਿਭਾਗ ਦੇ ਅਧਿਕਾਰੀਆਂ ਅਨੁਸਾਰ੍ਹੈ ਦੇ ਮਾਪਦੰਡਾਂ ਦੀ ਪਾਲਣਾ ਨਾ ਕਰਨ ਵਾਲੀਆਂ ਕੰਪਨੀਆਂ ਦੀ ਸੂਚੀ ਫਾਰਮਾਸਿਊਟੀਕਲ ਕੰਪਨੀਆਂ ਦੇ ਨਿਰਮਾਣ ਸੁਵਿਧਾਵਾਂ ਦੇ ਨਿਰੀਖਣ ਤੋਂ ਬਾਅਦ ਪ੍ਰਕਾਸ਼ਿਤ ਕੀਤੀ ਗਈ ਸੀ, ਜਿਨ੍ਹਾਂ ਨੇ ਆਪਣੇ ਉਤਪਾਦਾਂ ਨੂੰ ਨੇਪਾਲ ਨੂੰ ਨਿਰਯਾਤ ਕਰਨ ਲਈ ਅਰਜ਼ੀ ਦਿੱਤੀ ਸੀ। ਅਪ੍ਰੈਲ ਅਤੇ ਜੁਲਾਈ ਵਿੱਚ ਵਿਭਾਗ ਨੇ ਡਰੱਗ ਇੰਸਪੈਕਟਰਾਂ ਦੀ ਇੱਕ ਟੀਮ ਨੂੰ ਭੇਜਿਆ ਸੀ। ਭਾਰਤ ਉਨ੍ਹਾਂ ਫਾਰਮਾਸਿਊਟੀਕਲ ਕੰਪਨੀਆਂ ਦੀਆਂ ਨਿਰਮਾਣ ਸਹੂਲਤਾਂ ਦਾ ਮੁਆਇਨਾ ਕਰੇਗਾ, ਜਿਨ੍ਹਾਂ ਨੇ ਨੇਪਾਲ ਨੂੰ ਆਪਣੇ ਉਤਪਾਦਾਂ ਦੀ ਸਪਲਾਈ ਕਰਨ ਲਈ ਅਰਜ਼ੀ ਦਿੱਤੀ ਸੀ।

ਦਿਵਿਆ ਫਾਰਮੇਸੀ ਤੋਂ ਇਲਾਵਾ, ਸੂਚੀ ਵਿੱਚ ਰੈਡੀਐਂਟ ਪੇਰੈਂਟਰਲਸ ਲਿਮਟਿਡ, ਮਰਕਰੀ ਲੈਬੋਰੇਟਰੀਜ਼ ਲਿਮਟਿਡ, ਅਲਾਇੰਸ ਬਾਇਓਟੈਕ, ਕੈਪਟੈਬ ਬਾਇਓਟੈਕ, ਐਗਲੋਮੇਡ ਲਿਮਟਿਡ, ਜ਼ੀ ਲੈਬਾਰਟਰੀਜ਼, ਡੈਫੋਡਿਲਜ਼ ਫਾਰਮਾਸਿਊਟੀਕਲਜ਼, ਜੀਐੱਲਐੱਸ ਫਾਰਮਾ, ਯੂਨੀਜੁਲਸ ਲਾਈਫ ਸਾਇੰਸ, ਕੰਸੈਪਟ ਫਾਰਮਾਸਿਊਟੀਕਲਜ਼, ਸ਼੍ਰੀ ਆਨੰਦ ਲਾਈਫ ਸਾਇੰਸਿਜ਼, ਆਈਪੀਸੀਏ ਲੈਬਾਰਟਰੀਆਂ, ਕੈਡਿਲਾ ਹੈਲਥਕੇਅਰ ਲਿਮਟਿਡ, ਡਾਇਲ ਫਾਰਮਾਸਿਊਟੀਕਲਜ਼ ਅਤੇ ਮੈਕੁਰ ਲੈਬਾਰਟਰੀਜ਼ ਆਦਿ ਸ਼ਾਮਲ ਹਨ।

# ਚੀਨ-ਅਮਰੀਕਾ 'ਚ ਵਧਦੇ ਕੋਰੋਨਾ ਮਾਮਲਿਆਂ ਤੋਂ ਬਾਅਦ ਕੇਂਦਰ ਸਾਵਧਾਨ, ਜੀਨੋਮ ਸੀਕਵੈਂਸਿੰਗ ਲਈ ਸੂਬਿਆਂ ਨੂੰ ਦਿੱਤੇ ਨਿਰਦੇਸ਼



ਨਵੀਂ ਦਿੱਲੀ, 20 ਦਸੰਬਰ (ਪੋਸਟ ਬਿਊਰੋ) - ਚੀਨ ਅਤੇ ਅਮਰੀਕਾ ਸਮੇਤ ਦੁਨੀਆ ਦੇ ਕਈ ਦੇਸ਼ਾਂ 'ਚ ਕੋਰੋਨਾ ਵਾਇਰਸ ਦੇ ਮਾਮਲਿਆਂ 'ਚ ਅਚਾਨਕ ਵਾਧੇ ਕਾਰਨ ਕੇਂਦਰ ਸਰਕਾਰ ਚੌਕਸ ਹੋ ਗਈ ਹੈ। ਸਰਕਾਰ ਨੇ ਸਾਰੇ ਰਾਜਾਂ ਨੂੰ ਪੱਤਰ ਲਿਖ ਕੇ ਕੋਵਿਡ ਦੇ ਨਵੇਂ ਕੇਸਾਂ ਦੀ ਜੀਨੋਮ ਸੀਕਵੈਂਸਿੰਗ ਕਰਨ ਲਈ ਕਿਹਾ ਹੈ। ਸਿਹਤ ਸਕੱਤਰ ਰਾਜੇਸ਼ ਭੂਸ਼ਣ ਦੀ ਤਰਫੋਂ ਛਧਛ ਅਤੇ ਿਛ੍ਰ ਨੂੰ ਪੱਤਰ ਲਿਖਿਆ ਗਿਆ ਹੈ। ਇਸ ਵਿਚ ਕਿਹਾ ਗਿਆ ਹੈ ਕਿ ਸਾਰੇ ਰਾਜਾਂ ਨੂੰ ਜੀਨੋਮ ਸੀਕਵੈਂਸਿੰਗ 'ਤੇ ਜ਼ੋਰ ਦੇਣਾ ਹੋਵੇਗਾ। ਫਿਲਹਾਲ ਦੇਸ਼ 'ਚ ਕੋਰੋਨਾ ਦੇ ਜ਼ਿਆਦਾ ਮਾਮਲੇ ਨਹੀਂ ਹਨ, ਮੌਤਾਂ 'ਚ ਵੀ ਕਾਫੀ ਕਮੀ ਆਈ ਹੈ। ਪਰ ਕਿਉਂਕਿ ਇਹ ਵਾਇਰਸ ਪੂਰੀ ਦੁਨੀਆ ਵਿੱਚ ਫਿਰ ਤੋਂ ਫੈਲ ਰਿਹਾ ਹੈ, ਅਜਿਹੇ ਵਿੱਚ ਸਰਕਾਰ ਵੀ ਲਾਪਰਵਾਹੀ ਨਹੀਂ ਵਰਤਣਾ ਚਾਹੁੰਦੀ। ਕੇਂਦਰ ਸਰਕਾਰ ਨੇ ਬੁੱਧਵਾਰ ਨੂੰ ਕੋਰੋਨਾ ਦੇ ਮਾਮਲਿਆਂ ਨੂੰ ਲੈ ਕੇ ਸਮੀਖਿਆ ਮੀਟਿੰਗ ਵੀ ਬੁਲਾਈ ਹੈ।

ਸਿਹਤ ਸਕੱਤਰ ਰਾਜੇਸ਼ ਭੂਸ਼ਣ ਦੀ ਤਰਫੋਂ ਛਧਛ ਅਤੇ ਿਛ੍ਰ ਨੂੰ ਪੱਤਰ ਲਿਖਿਆ ਗਿਆ ਹੈ। ਉਨ੍ਹਾਂ ਕਿਹਾ ਹੈ ਕਿ ਜੇਕਰ ਕੋਰੋਨਾ ਦੇ ਨਵੇਂ ਰੂਪਾਂ ਦੀ ਸਮੇਂ ਸਿਰ ਪਛਾਣ ਕਰਨੀ ਹੈ ਤਾਂ ਇਸ ਦੇ ਲਈ ਜੀਨੋਮ ਸੀਕਵੈਂਸਿੰਗ ਜ਼ਰੂਰੀ ਹੈ। ਰਾਜਾਂ ਨੂੰ ਜੀਨੋਮ ਸੀਕਵੈਂਸਿੰਗ ਲਈ ਨਮੂਨੇ ਭੇਜਣ ਦੇ ਵੀ ਨਿਰਦੇਸ਼ ਦਿੱਤੇ ਗਏ ਹਨ।

ਦੁਨੀਆ ਦੇ ਕਈ ਵੱਡੇ ਦੇਸ਼ਾਂ 'ਚ ਕੋਰੋਨਾ ਦੇ ਮਾਮਲੇ ਅਚਾਨਕ ਵਧ ਗਏ ਹਨ। ਖਾਸ ਤੌਰ 'ਤੇ ਅਮਰੀਕਾ, ਬ੍ਰਾਜ਼ੀਲ, ਚੀਨ, ਕੋਰੀਆ ਅਤੇ ਜਾਪਾਨ ਵਿਚ ਕੋਰੋਨਾ ਦੇ ਮਾਮਲਿਆਂ ਵਿਚ ਅਚਾਨਕ ਵਾਧਾ ਦੇਖਿਆ ਜਾ ਰਿਹਾ ਹੈ। ਇਸ ਕਾਰਨ ਕੇਂਦਰ ਸਰਕਾਰ ਅਲਰਟ ਮੋਡ 'ਤੇ ਆ ਗਈ ਹੈ। ਸਰਕਾਰ ਨੇ ਸਾਰੇ ਰਾਜਾਂ ਨੂੰ ਚੌਕਸ ਰਹਿਣ ਲਈ ਕਿਹਾ ਹੈ। ਕੇਂਦਰ ਸਰਕਾਰ ਨੂੰ ਸ਼ੱਕ ਹੈ ਕਿ ਕੋਰੋਨਾ ਦਾ ਨਵਾਂ ਰੂਪ ਸਾਹਮਣੇ ਆਇਆ ਹੈ, ਜਿਸ ਕਾਰਨ ਆਉਣ ਵਾਲੇ ਦਿਨਾਂ ਵਿੱਚ ਮਾਮਲਿਆਂ ਵਿੱਚ ਅਚਾਨਕ ਵਾਧਾ ਹੋ ਸਕਦਾ ਹੈ। ਕੇਂਦਰ ਨੇ ਰਾਜ ਸਰਕਾਰਾਂ ਨੂੰ ਕਿਹਾ ਕਿ ਜਿਸ ਤਰ੍ਹਾਂ ਦੁਨੀਆ ਦੇ ਕਈ ਦੇਸ਼ਾਂ 'ਚ ਕੋਰੋਨਾ ਦੇ ਮਾਮਲੇ ਵਧ ਰਹੇ ਹਨ, ਉਸ ਤੋਂ ਇਹ ਸਮਝਿਆ ਜਾ ਸਕਦਾ ਹੈ ਕਿ ਕੋਰੋਨਾ ਅਜੇ ਖਤਮ ਨਹੀਂ ਹੋਇਆ ਹੈ। ਅਜਿਹੇ 'ਚ ਕੋਰੋਨਾ ਦੇ ਰੁਝਾਨ 'ਤੇ ਨਜ਼ਰ ਰੱਖਣੀ ਜ਼ਰੂਰੀ ਹੈ।


# ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ

ਦਸਵੀਂ ਪਾਤਿਸ਼ਾਹੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸ੍ਰੀ ਮਾਛੀਵਾੜੇ ਸਾਹਿਬ ਦੀ ਧਰਤੀ 'ਤੇ ਪਹੁੰਚਣ ਅਤੇ ਉਨ੍ਹਾਂ ਦੀ ਆਮਦ ਨੂੰ ਮੁੱਖ ਰੱਖਦਿਆਂ ਅਤੇ ਚਾਰੇ ਸਾਹਿਬਜ਼ਾਦੇ ਅਤੇ ਮਾਤਾ ਗੁਜਰ ਕੌਰ ਅਤੇ ਸ਼ਹੀਦ ਹੋਏ ਸਾਰੇ ਸਿੰਘਾਂ ਤੇ ਸਿੰਘਣੀਆਂ ਨੂੰ ਸਮਰਪਿਤ ਪਿਛਲੇ ਸਾਲਾਂ ਦੀ ਤਰ੍ਹਾਂ ਸ੍ਰੀ ਮਾਛੀਵਾੜਾ ਸਾਹਿਬ ਇਲਾਕਾ ਨਿਵਾਸੀਆਂ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਕੀਤੀ ਜਾ ਰਹੀ ਹੈ। ਇਸ ਸਬੰਧ ਵਿਚ ਮਾਲਟਨ ਗੁਰੂ ਘਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਸੇਵਾ ਹੋਵੇਗੀ।

## ਪ੍ਰੋਗਰਾਮ ਇਸ ਤਰ੍ਹਾਂ ਹੋਵੇਗਾ

**ਸ੍ਰੀ ਅਖੰਡ ਪਾਠ ਸਾਹਿਬ ਆਰੰਭ** 23 ਦਸੰਬਰ ਦਿਨ ਸ਼ੁੱਕਰਵਾਰ

**ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ** 25 ਦਸੰਬਰ ਦਿਨ ਐਤਵਾਰ

ਮਾਲਟਨ ਗੁਰੂ ਘਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਮੇਨ ਹਾਲ ਵਿੱਚ ਪਾਏ ਜਾਣਗੇ। ਸਭ ਸੰਗਤ ਨੂੰ ਬੇਨਤੀ ਹੈ ਕਿ ਤਿੰਨ ਦਿਨ ਗੁਰੂ ਘਰ ਵਿਚ ਹੁੰਮ ਹੁਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ!

ਹੋਰ ਜਾਣਕਾਰੀ ਲਈ ਗੁਰਪ੍ਰੀਤ ਸਿੰਘ ਉੱਪਲ 647-207-1887, ਸਤਪਾਲ ਸਿੰਘ ਗਰੇਵਾਲ 519-405-0075, ਜਸਵੰਤ ਸਿੰਘ ਰਜੂਲ 647-856-9612 ਜਾਂ ਉਜਾਗਰ ਸਿੰਘ ਗਿੱਲ 647-203-4090, ਕਾਕਾ ਸਿੰਘ ਤੱਖਰਾ 647-400-9991 ਨਾਲ ਸੰਪਰਕ ਕੀਤਾ ਜਾ ਸਕਦਾ ਹੈ।

## Urgently Need New Listings in Brampton/Caledon

visit: www.teamjagaujla.com

Call **JAG AUJLA**

MCNE, REAL ESTATE BROKER

DIR: 416-371-7777

j.aujla@rogers.com www.jagaujla.com

Follow Us:

**CALL JAG FOR A QUICK & FREE HOME EVALUATION**

www.BramptonTopRealtor.com www.BramptonTopAgent.com

**URGENTLY NEED NEW LISTINGS IN THIS AREA**

**RECENTLY LISTED/SOLD IN YOUR NEIGHBOURHOOD BY JAG AUJLA**

### HOUSE FOR LEASE IN CALEDON
KENNEDY/ NEW HOUSE/ DOUGALL AVE.

- 2500-3000 sq feet ਦਾ Detached ਘਰ
- $3,700/month (4 ਬੈਂਡਰੂਮ + 1 ਡੇਨ+ 4 ਵਾਸ਼ਰੂਮ)
- ਮੇਨ ਫਲੋਰ ਤੇ 10 ਫੁੱਟ ਦੀ ਸੀਲੀਂਗ
- 2nd ਫਲੋਰ ਤੇ 9 ਫੁੱਟ ਦੀ ਸੀਲੀਂਗ
- ਪੂਰਾ ਘਰ $4700/month with unfurnished ਬੇਸਮੇਂਟ
- HWY 410, ਸਕੂਲ, ਬਸ ਸਟੋਪ ਅਤੇ ਪਲਾਜੇ ਦੇ ਨੇੜੇ
- 1ਸਾਲ ਦੀ Lease, Credit Report, Full Rental App.
- First & Last month + Key Deposit

### LISTED IN BRAMPTON
MAYFIELD / MCLAUGHLIN

- Detached ਘਰ ਬਹੁਤ ਹੀ ਸੁੰਦਰ ਏਰੀਏ ਵਿੱਚ
- 3+1 ਬੈਂਡਰੂਮ + 4 ਵਾਸ਼ਰੂਮ
- 1 ਬੈਂਡਰੂਮ Legal Finished Basement with Seperate Entrance
- 9 ਫੁੱਟ ਦੀ ਸੀਲੀਂਗ
- ਸਟੈਂਡਰਡ ਓਕ ਸਟੈਅਰ ਕੇਸ
- ਮੇਨ ਕਮਰੇ ਵਿਚ ਸਟੇਨਡ ਹਾਰਡਵੁੱਡ
- ਗ੍ਰੇਨਾਈਟ ਕਾਊਂਟਰਟੌਪਸ ਨਾਲ ਅਪਗ੍ਰੇਡ ਕੀਤੀ ਕਿਚਨ
- ਮਾਸਟਰ ਬੈਂਡਰੂਮ ਵਿਚ 4 ਪੀਸੀ ਐਨਸੁਏਟ ਅਤੇ ਵਾਕ ਇਨ ਅਲਮਾਰੀ
- HWY 410, ਸਕੂਲ, ਬਸ ਸਟੋਪ ਅਤੇ ਪਲਾਜੇ ਦੇ ਨੇੜੇ

### LISTED IN BRAMPTON
CASTLEMORE/ HUMBERWEST/AIRPORT

- 1500-2000 sq feet ਦਾ ਘਰ
- 3+1 ਬੈਂਡਰੂਮ + 4 ਵਾਸ਼ਰੂਮ + 2 ਕਿਚਨ with Legal Finished ਬੇਸਮੈਂਟ ਅਪਾਰਟਮੈਂਟ with Seperate Entrance
- ਬੇਸਮੈਂਟ $1300 ਦੇ ਕਰਿਾਏ' ਤੇ ਦਿਤੀ ਹੈ
- Extended ਡਰਾਈਵਵੇਅ
- ਮਾਸਟਰ ਬੈਂਡਰੂਮ ਵਿਚ 4 ਪੀਸੀ ਐਨਸੁਏਟ ਅਤੇ ਵਾਕ ਇਨ ਅਲਮਾਰੀ

### FREE
- Full MLS Services
- Consistently Marketing Your Property Until SOLD
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold
- Competitive Rates, Exceptional Service & Award Winning Results

RE/MAX Realty Specialists Inc. Brokerage (Independently Owned and Operated)

Off: 905-456-3232

Call JAG AUJLA DIR: 416-371-7777

MCNE, REAL ESTATE BROKER

NOT INTENDED TO SOLICIT BUYERS OR SELLER CURRENTLY UNDER CONTRACT

SEPTEMBER 2022



## REXDALE BODY SHOP

USED CAR SALE

Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779

RENTAL CAR PROVIDED

CHEEMA

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

25 years of Canadian Experience

OPEN MON - SAT 9AM TO 7PM

LOWEST PRICE IN TOWN

Call Rick or Manminder Cheema: 416.749.9596 / 416.951.6431

Towing Service Car Paint Starts $799*upto 100% Deductible Paid*

30 Racine Rd. Toronto, ON, M9W 2Z3, FAX: 416.749.9597

www.AAABODYSHOP.ca

mcheemaaaa@hotmail.com



## Tri-City Professional Realty Inc., Brokerage

The Future of Real Estate

www.TriCityPro.com

Number 1. Tri-City agent in Canada on basis of sales volume 2021

ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ

ਅਵਤਾਰ ਸਿੰਘ ਟਿਵਾਣਾ

NEED MORE LISTINGS

- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection

Avtar Singh Tiwana

Sales Representative

Tel: 905.793.5777

416.802.5866

31 Melanie Dr. Unit #4 Brampton, ON L6T 5H8

SOLD $1,399,999 CASTLEMORE/GOREWAY

SOLD $1,749,900 8337 ਗਲਫ ਲਾਈਨ

401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866

SOLD $1,950,000 26 Yellow RomeRd

ਕੈਸਲਮੋਰ/ਗੋਰਵੇ

ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਚ ਇਨਸੂਟ ਅਤੇ ਵਾਕਇਨ ਕਲਾਜ਼ਿਟ, ਮਾਡਰਨ ਕਿਚਨ ਗ੍ਰੇਨਾਈਟ ਕਊਂਟਰ ਟਾਪ ਦੇ ਨਾਲ। 2 ਬੈਡਰੂਮਜ ਦੀ ਫਿਨਿਸ਼ਡ ਬੇਸਮੇਂਟ ਵਿਚ ਸੈਪਰੇਟ ਐਂਟਰੇਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜਲ ਉਤੇ ਲਾਂਡਰੀ ਅਤੇ ਹੋਰ ਬਹੁਤ ਸਾਰੀਆ ਸਹੂਲਤਾਂ ਦੇ ਨਾਲ






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017